SWITCH INSURANCE
AUTO, HOME & COMMERCIAL
Commercial Vehicle Insurance
Commercial Property Insurance
Commercial General Liability (CGL)
Rental Property
905-965-7474
www.SwitchInsurance.ca
7900 Hurontario St Suite 308, Brampton, ON L6Y 0P6

ਕੈਨੇਡੀਅਨ
ਪੰਜਾਬੀ ਪੋਸਟ
Award winning news paper | Canadian Punjabi Post

JOSHI LAW OFFICE
Barrister, Solicitor & Notary Public

Immigration
Real Estate
Commercial Law
Affidavit
Power of Attorney
Rakesh M. Joshi B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON

To view our online newspaper visit punjabipost.ca/epaper | Vol 22* Issue 23 | Thursday, February 02, 2023 | Tel: 905-793-2202 | Fax: 905-793-2282 | news@punjabipost.ca ਤੁਸੀਂ 'ਪੰਜਾਬੀ ਪੋਸਟ' Onlineਰੋਜ਼ਾਨਾ ਪੜ੍ਹ ਸਕਦੇ ਹੋ

ਕੰਜ਼ਰਵੇਟਿਵ ਪਾਰਟੀ ਦੀ ਸਾਬਕਾ ਅੰਤਰਿਮ ਆਗੂ ਕੈਂਡਿਸ ਬਰਗਨ ਨੇ ਦਿੱਤਾ ਅਸਤੀਫਾ

ਓਟਵਾ, 1 ਫਰਵਰੀ (ਪੋਸਟ ਬਿਊਰੋ) : ਕੈਨੇਡਾ ਦੀ ਕੰਜ਼ਰਵੇਟਿਵ ਪਾਰਟੀ ਦੀ ਸਾਬਕਾ ਅੰਤਰਿਮ ਆਗੂ ਕੈਂਡਿਸ ਬਰਗਨ ਵੱਲੋਂ ਪਾਰਲੀਆਮੈਂਟ ਤੋਂ ਅਸਤੀਫਾ ਦੇ ਦਿੱਤਾ ਗਿਆ ਹੈ।

ਟਵਿੱਟਰ ਉੱਤੇ ਪੋਸਟ ਕੀਤੇ ਆਪਣੇ ਇਸ ਐਲਾਨ ਵਿੱਚ ਬਰਗਨ ਨੇ ਆਖਿਆ ਕਿ ਬੁੱਧਵਾਰ ਨੂੰ ਉਸ ਵੱਲੋਂ ਅਸਤੀਫਾ ਦੇ ਦਿੱਤਾ ਗਿਆ ਹੈ। ਐਮਪੀ ਵਜੋਂ 14 ਸਾਲ ਦਾ ਸਫਰ ਪੂਰਾ ਕਰਨ ਉੱਤੇ ਉਨ੍ਹਾਂ ਆਪਣੇ ਹਲਕਾ ਵਾਸੀਆਂ, ਕੁਲੀਗਜ਼ ਤੇ ਪਰਿਵਾਰਕ ਮੈਂਬਰਾਂ ਦਾ ਧੰਨਵਾਦ ਕੀਤਾ। ਉਨ੍ਹਾਂ ਆਖਿਆ ਕਿ ਉਹ ਇਸ ਲਈ ਅਸਤੀਫਾ ਨਹੀਂ ਦੇ ਰਹੀ ਕਿ ਉਹ ਥੱਕ ਚੁੱਕੀ ਹੈ ਜਾਂ ਸਿਆਸਤ ਤੋਂ ਉਸ ਦੀ ਬੱਸ ਹੋ ਗਈ ਹੈ ਸਗੋਂ ਉਹ ਇਸ ਤੋਂ ਉਲਟ ਖੁਦ ਨੂੰ ਕਾਫੀ ਆਸਵੰਦ ਤੇ ਊਰਜਾ ਭਰਪੂਰ ਮਹਿਸੂਸ ਕਰ ਰਹੀ ਹੈ।

ਬਰਗਨ ਨੇ ਆਖਿਆ ਕਿ ਉਹ ਪਿਏਰ ਪੌਲੀਏਵਰ ਦੀ ਯੋਗ ਅਗਵਾਈ ਵਿੱਚ ਸਾਂਝੀ ਕੰਜ਼ਰਵੇਟਿਵ ਪਾਰਟੀ ਦਾ ਭਵਿੱਖ ਕਾਫੀ ਉੱਜਲਾ ਮੰਨਦੀ ਹੈ। ਇਸ ਤੋਂ ਪਹਿਲਾਂ ਉਹ ਇਹ ਆਖ ਚੁੱਕੀ ਸੀ ਕਿ ਅਗਲੀਆਂ ਫੈਡਰਲ ਚੋਣਾਂ ਵਿੱਚ ਉਹ ਖੜ੍ਹੀ ਨਹੀਂ ਹੋਵੇਗੀ। ਉਹ 2008 ਤੋਂ ਮੈਨੀਟੋਬਾ ਦੇ ਹਲਕੇ ਪੋਰਟੇਜ-ਲਿਸਗਾਰ ਦੀ ਨੁਮਾਇੰਦਗੀ ਕਰ ਰਹੀ ਸੀ। ਫਰਵਰੀ 2022 ਵਿੱਚ ਬਰਗਨ ਨੂੰ ਕੰਜ਼ਰਵੇਟਿਵਾਂ ਦੇ ਅੰਤਰਿਮ ਆਗੂ ਦੀ ਭੂਮਿਕਾ ਨਿਭਾਉਣ ਦਾ ਮੌਕਾ ਮਿਲਿਆ। ਇਸ ਤੋਂ ਪਹਿਲਾਂ ਬਰਗਨ ਸਟੀਫਨ ਹਾਰਪਰ ਦੀ ਸਰਕਾਰ ਵਿੱਚ ਕੈਬਨਿਟ ਮੰਤਰੀ ਸੀ ਤੇ ਉਨ੍ਹਾਂ ਤਤਕਾਲੀ ਅੰਤਰਿਮ ਪਾਰਟੀ ਆਗੂ ਰੋਨਾ ਐਂਬਰੋਸ ਦੀ ਅਗਵਾਈ ਹੇਠ ਵਿਰੋਧੀ ਧਿਰ ਦੇ ਆਗੂ ਵਜੋਂ ਸੇਵਾ ਨਿਭਾਈ ਸੀ।

ਨੈਸ਼ਨਲ ਹੈਲਥ ਡੀਲ ਨੂੰ ਲੈ ਕੇ ਸਾਰੇ ਪ੍ਰੀਮੀਅਰ ਆਸਵੰਦ

ਓਟਵਾ, 1 ਫਰਵਰੀ (ਪੋਸਟ ਬਿਊਰੋ) : ਅਗਲੇ ਹਫਤੇ ਪ੍ਰਧਾਨ ਮੰਤਰੀ ਜਸਟਿਨ ਟਰੂਡੋ ਨਾਲ ਹੋਣ ਵਾਲੀ ਮੀਟਿੰਗ ਤੋਂ ਪਹਿਲਾਂ ਹੀ ਪ੍ਰੀਮੀਅਰਜ਼ ਨੂੰ ਫੈਡਰਲ ਸਰਕਾਰ ਨਾਲ ਹੈਲਥ ਫੰਡਿੰਗ ਸਬੰਧੀ ਡੀਲ ਸਿਰੇ ਚੜ੍ਹਨ ਦੀ ਆਸ ਹੈ।

ਬੁੱਧਵਾਰ ਨੂੰ ਓਟਵਾ ਵਿੱਚ ਬ੍ਰਿਟਿਸ਼ ਕੋਲੰਬੀਆ ਦੇ ਪ੍ਰੀਮੀਅਰ ਡੇਵਿਡ ਐਬੀ ਨੇ ਆਖਿਆ ਕਿ ਉਨ੍ਹਾਂ ਦਾ ਮੰਨਣਾ ਹੈ ਕਿ ਫੈਡਰਲ ਸਰਕਾਰ ਪ੍ਰੋਵਿੰਸਾਂ ਤੇ ਟੈਰੇਟਰੀਜ਼ ਨੂੰ ਹੈਲਥ ਟਰਾਂਸਫਰ ਸਮਝੌਤੇ ਦੇ ਵੇਰਵੇ ਮੁਹੱਈਆ ਕਰਾਵੇਗੀ ਤੇ ਇਸ ਤੋਂ ਬਾਅਦ ਕੌਮੀ ਪੱਧਰ ਦੀ ਡੀਲ ਸਿਰੇ ਚੜ੍ਹ ਜਾਵੇਗੀ। ਪਰ ਉਨ੍ਹਾਂ ਆਖਿਆ ਕਿ ਬੀਸੀ ਦੇ ਸਬੰਧ ਵਿੱਚ ਉਹ ਹੋਰ ਗੱਲਬਾਤ ਕਰਨ ਲਈ ਵੀ ਤਿਆਰ ਹਨ। ਇਹ ਗੱਲਬਾਤ ਮੈਂਟਲ ਹੈਲਥ, ਅਡਿਕਸ਼ਨ ਟਰੀਟਮੈਂਟ ਪ੍ਰੋਗਰਾਮ, ਫੈਮਿਲੀ ਡਾਕਟਰਾਂ ਦੀ ਗਿਣਤੀ ਵਧਾਉਣ ਤੇ ਹੋਮ ਕੇਅਰ ਦੇ ਪਸਾਰ ਆਦਿ ਬਾਰੇ ਹੋ ਸਕਦੀ ਹੈ।

ਇਸ ਦੌਰਾਨ ਓਨਟਾਰੀਓ ਦੇ ਪ੍ਰੀਮੀਅਰ ਡੱਗ ਫੋਰਡ ਨੇ ਬੁੱਧਵਾਰ ਨੂੰ ਆਖਿਆ ਕਿ ਉਨ੍ਹਾਂ ਨੂੰ ਪੂਰੀ ਆਸ ਹੈ ਕਿ ਅਗਲੇ ਮੰਗਲਵਾਰ ਪ੍ਰਧਾਨ ਮੰਤਰੀ ਨਾਲ ਹੋਣ ਵਾਲੀ ਮੀਟਿੰਗ ਤੋਂ ਬਾਅਦ ਪ੍ਰੋਵਿੰਸਿਜ਼, ਫੈਡਰਲ ਸਰਕਾਰ ਨਾਲ ਹੈਲਥ ਕੇਅਰ ਡੀਲ ਸਿਰੇ ਚੜ੍ਹਾਉਣ ਵਿੱਚ ਕਾਮਯਾਬ ਹੋਣਗੇ। ਪਿਛਲੇ ਮਹੀਨੇ ਫੋਰਡ ਨੇ ਆਖਿਆ ਸੀ ਕਿ ਪ੍ਰੋਵਿੰਸਿਜ਼ ਫੈਡਰਲ ਸਰਕਾਰ ਨਾਲ ਵੱਖਰੇ ਤੌਰ ਉੱਤੇ ਡੀਲਜ਼ ਨਹੀਂ ਕਰਨਗੀਆਂ। ਇਸ ਦੇ ਨਾਲ ਹੀ ਦੇਸ਼ ਭਰ ਦੇ ਪ੍ਰੀਮੀਅਰਜ਼ ਤੇ ਸਿਹਤ ਮੰਤਰੀਆਂ ਵੱਲੋਂ ਫੈਡਰਲ ਸਰਕਾਰ ਤੋਂ ਹੈਲਥ ਕੇਅਰ ਫੰਡ 22 ਫੀ ਸਦੀ ਦੀ ਥਾਂ 35 ਫੀ ਸਦੀ ਕਰਨ ਦੀ ਮੰਗ ਕੀਤੀ ਗਈ ਸੀ।

ਸਾਰੇ ਬੀਐਲਐਸ ਸੈਂਟਰਾਂ ਉੱਤੇ ਵਾਕ-ਇਨ ਸਰਵਿਸਿਜ਼ ਦੀ ਹੋਈ ਸ਼ੁਰੂਆਤ

ਓਟਵਾ, 1 ਫਰਵਰੀ (ਪੋਸਟ ਬਿਊਰੋ) : ਬਿਹਤਰ ਵੀਜ਼ਾ ਤੇ ਕਾਊਂਸਲਰ ਸੇਵਾਵਾਂ ਮੁਹੱਈਆ ਕਰਵਾਉਣ ਲਈ ਕੈਨੇਡਾ ਵਿੱਚ ਪਹਿਲੀ ਫਰਵਰੀ, 2023 ਤੋਂ ਸਾਰੇ ਬੀਐਲਐਸ ਸੈਂਟਰਾਂ ਉੱਤੇ ਵਾਕ-ਇਨ ਸਰਵਿਸਿਜ਼ ਦੀ ਸ਼ੁਰੂਆਤ ਕੀਤੀ ਜਾ ਰਹੀ ਹੈ।

ਜਿਨ੍ਹਾਂ ਬਿਨੈਕਾਰਾਂ ਨੂੰ ਵੀਜ਼ਾ, ਓਸੀਆਈ, ਪਾਸਪੋਰਟ ਜਾਂ ਹੋਰ ਕਾਊਂਸਲਰ ਸੇਵਾਵਾਂ ਚਾਹੀਦੀਆਂ ਹੋਣਗੀਆਂ ਉਹ ਪਹਿਲਾਂ ਤੋਂ ਲਈ ਜਾਣ ਵਾਲੀ ਅਪੁਆਇੰਟਮੈਂਟ ਤੋਂ ਬਿਨਾਂ ਬੀਐਲਐਸ ਸੈਂਟਰਾਂ ਉੱਤੇ ਖੁਦ ਜਾ ਕੇ ਵਾਕ-ਇਨ ਮੋਡ ਦੀ ਵਰਤੋਂ ਕਰਦੇ ਹੋਏ ਆਪਣੀਆਂ ਅਰਜ਼ੀਆਂ ਤੇ ਸਬੰਧਤ ਦਸਤਾਵੇਜ਼ ਜਮ੍ਹਾਂ ਕਰਵਾ ਸਕਦੇ ਹਨ। ਵਾਕ-ਇਨ ਸਰਵਿਸਿਜ਼ ਅਪੁਆਇੰਟਮੈਂਟ ਤੇ ਡਾਕ ਸੇਵਾ ਤੋਂ ਇਲਾਵਾ ਵੱਖਰੇ ਤੌਰ ਉੱਤੇ ਸ਼ੁਰੂ ਕੀਤੀ ਗਈ ਹੈ ਤੇ ਇਹ ਅੱਗੇ ਵੀ ਜਾਰੀ ਰਹੇਗੀ। ਹਰੇਕ ਸੈਂਟਰ ਉੱਤੇ ਉਪਲਬਧ ਸਰੋਤਾਂ ਤੇ ਰੋਜ਼ਾਨਾ ਬੁੱਕ ਹੋਣ ਵਾਲੀਆਂ ਅਪੁਆਇੰਟਮੈਂਟਸ ਉੱਤੇ ਹੀ ਨਿਰਭਰ ਕਰੇਗਾ ਕਿ ਰੋਜ਼ਾਨਾ ਸਵੇਰੇ 8:00 ਵਜੇ ਤੋਂ 1:00 ਵਜੇ ਤੱਕ ਅਜਿਹੇ ਕਿੰਨੇ ਬਿਨੈਕਾਰ ਅਜਿਹੀਆਂ ਵਾਕ-ਇਨ ਸਰਵਿਸਿਜ਼ ਦਾ ਲਾਹਾ ਲੈ ਸਕਣਗੇ। ਅਜਿਹੇ ਵਾਕ-ਇਨ ਬਿਨੈਕਾਰਾਂ ਦੀ ਗਿਣਤੀ ਸੀਮਤ ਹੋਵੇਗੀ।

ਬੀਐਲਐਸ ਸੈਂਟਰਾਂ ਵੱਲੋਂ ਅਜਿਹੇ ਵਾਕ-ਇਨ ਬਿਨੈਕਾਰਾਂ ਨੂੰ ਟੋਕਣ ਜਾਰੀ ਕੀਤੇ ਜਾਣਗੇ ਤੇ ਉਨ੍ਹਾਂ ਦੇ ਸੈਂਟਰ ਉੱਤੇ ਪਹੁੰਚਣ ਤੋਂ 30 ਮਿੰਟ ਦੇ ਅੰਦਰ ਅੰਦਰ

ਉਸੇ ਦਿਨ ਉਨ੍ਹਾਂ ਨੂੰ ਸੇਵਾਵਾਂ ਦਿੱਤੀਆਂ ਜਾਣਗੀਆਂ। ਇਹ ਵੀ ਧਿਆਨ ਦਿੱਤਾ ਜਾਵੇ ਕਿ ਜੇ ਤੁਹਾਡੇ ਸੈਂਟਰ ਉੱਤੇ ਪਹੁੰਚਣ ਦੇ 30 ਮਿੰਟ ਦੇ ਅੰਦਰ ਅੰਦਰ ਤੁਹਾਨੂੰ ਟੋਕਣ ਜਾਰੀ ਨਹੀਂ ਕੀਤਾ ਜਾਂਦਾ ਤਾਂ ਤੁਸੀਂ ਕਿਸੇ ਹੋਰ ਤਰੀਕ ਉੱਤੇ ਆ ਕੇ ਕੰਮ ਕਰਵਾਉਣ ਦਾ ਬਦਲ ਚੁਣ ਸਕਦੇ ਹੋ ਤੇ ਜਾਂ ਆਪਣੀ ਅਰਜ਼ੀ ਤੇ ਸਬੰਧਤ ਦਸਤਾਵੇਜ਼ ਜਮ੍ਹਾਂ ਕਰਵਾਉਣ ਲਈ ਬਦਲਵਾਂ ਤਰੀਕਾ ਵੀ ਚੁਣ ਸਕਦੇ ਹੋਂ। ਸਾਰੇ ਬਿਨੈਕਾਰਾਂ ਨੂੰ ਸਲਾਹ ਦਿੱਤੀ ਜਾਂਦੀ ਹੈ ਕਿ ਹਰ ਪੱਖੋਂ ਮੁਕੰਮਲ ਅਰਜ਼ੀਆਂ ਨੂੰ ਹੀ ਬੀਐਲਐਸ ਸੈਂਟਰਾਂ ਉੱਤੇ ਸਵੀਕਾਰ ਕੀਤਾ ਜਾਵੇਗਾ।

ਜਿਨ੍ਹਾਂ ਨੇ ਆਪਣੀਆਂ ਅਰਜ਼ੀਆਂ ਜਮ੍ਹਾਂ ਕਰਵਾਉਣ ਲਈ ਪਹਿਲਾਂ ਤੋਂ ਹੀ ਅਪੁਆਇੰਟਮੈਂਟ ਬੁੱਕ ਕਰਵਾਈ ਹੋਈ ਹੈ ਪਰ ਹੁਣ ਉਹ ਵਾਕ-ਇਨ ਫੈਸਿਲਿਟੀ ਦੀ ਵਰਤੋਂ ਕਰਨੀ ਚਾਹੁੰਦੇ ਹਨ ਤਾਂ ਉਨ੍ਹਾਂ ਨੂੰ ਇਹ ਬੇਨਤੀ ਕੀਤੀ ਜਾਂਦੀ ਹੈ ਕਿ ਆਪਣੀ ਅਰਜ਼ੀ ਸਵੀਕਾਰੇ ਜਾਣ ਤੋਂ ਬਾਅਦ ਆਪਣੀ ਪਹਿਲਾਂ ਵਾਲੀ ਅਪੁਆਇੰਟਮੈਂਟ ਕੈਂਸਲ ਕਰਵਾ ਦੇਣ ਤਾਂ ਕਿ ਕਾਊਂਸਲਰ ਸਰਵਿਸਿਜ਼ ਹਾਸਲ ਕਰਨ ਦੇ ਕਿਸੇ ਹੋਰ ਚਾਹਵਾਨ ਨੂੰ ਉਹ ਅਪੁਆਇੰਟਮੈਂਟ ਮੁਹੱਈਆ ਕਰਵਾਈ ਜਾ ਸਕੇ।

ਮੁੜ ਵੱਧ ਸਕਦੀਆਂ ਹਨ ਗ੍ਰੋਸਰੀ ਦੀਆਂ ਕੀਮਤਾਂ !

ਟੋਰਾਂਟੋ, 1 ਫਰਵਰੀ (ਪੋਸਟ ਬਿਊਰੋ) : ਇੱਕ ਵਾਰੀ ਫਿਰ ਕੈਨੇਡਾ ਭਰ ਦੇ ਸਟੋਰਜ਼ ਵਿੱਚ ਗ੍ਰੋਸਰੀ ਦੀਆਂ ਕੀਮਤਾਂ ਵਿੱਚ ਵਾਧਾ ਹੋਣ ਦੀ ਸੰਭਾਵਨਾ ਪ੍ਰਗਟਾਈ ਜਾ ਰਹੀ ਹੈ।

ਪਿਛਲੇ ਸਾਲ ਲੋਬਲਾਅ ਕੌਸ. ਲਿਮਟਿਡ ਨੇ ਆਖਿਆ ਸੀ ਕਿ ਉਸ ਵੱਲੋਂ 31 ਜਨਵਰੀ ਤੱਕ ਆਪਣੀਆਂ ਨੋ ਨੇਮ ਵਸਤਾਂ ਦੀਆਂ ਕੀਮਤਾਂ ਵਿੱਚ ਵਾਧੇ ਉੱਤੇ ਰੋਕ ਲਾਈ ਜਾਵੇਗੀ। ਇਸੇ ਤਰ੍ਹਾਂ ਮੈਟਰੋ ਇੰਕ. ਨੇ

ਆਖਿਆ ਸੀ ਕਿ ਉਨ੍ਹਾਂ ਵੱਲੋਂ ਪ੍ਰਾਈਵੇਟ ਲੇਬਲ ਵਾਲੀਆਂ ਬਹੁਤੀਆਂ ਆਈਟਮਾਂ ਦੀਆਂ ਕੀਮਤਾਂ ਨੈਸ਼ਨਲ ਬ੍ਰੈਂਡ ਵਾਲੀਆਂ ਵਸਤਾਂ ਦੀਆਂ ਕੀਮਤਾਂ ਵਿੱਚ 5 ਫਰਵਰੀ ਤੱਕ ਕੋਈ ਵਾਧਾ ਨਹੀਂ ਕੀਤਾ ਜਾਵੇਗਾ।

ਗ੍ਰੋਸਰੀ ਦੀਆਂ ਵੱਧ ਰਹੀਆਂ ਕੀਮਤਾਂ ਤੇ ਗ੍ਰੋਸਰਜ਼ ਨੂੰ ਹੋਣ ਵਾਲੇ ਮੁਨਾਫੇ ਦਾ ਮੁਲਾਂਕਣ ਕਰਨ ਕਾਰਨ ਖਪਤਕਾਰਾਂ ਵਿੱਚ ਵੱਧ ਰਹੇ ਰੋਹ ਦੇ ਚੱਲਦਿਆਂ ਇਨ੍ਹਾਂ ਕੀਮਤਾਂ ਦੇ ਵਾਧੇ ਉੱਤੇ ਲਾਈ ਰੋਕ ਹਟਾਈ ਜਾ ਰਹੀ ਹੈ। ਪਰ ਗ੍ਰੋਸਰੀ ਚੇਨਜ਼ ਦਾ ਕਹਿਣਾ ਹੈ ਕਿ ਉਨ੍ਹਾਂ ਵੱਲੋਂ ਫੂਡ ਆਈਟਮਾਂ ਤੋਂ ਕੋਈ ਮੁਨਾਫਾ ਨਹੀਂ ਕਮਾਇਆ ਜਾ ਰਿਹਾ ਸਗੋਂ ਆਪਣੀਆਂ ਸੈਲਫਾਂ ਨੂੰ ਭਰ ਕੇ ਰੱਖਣ ਲਈ ਉਨ੍ਹਾਂ ਨੂੰ ਮਹੀਨਾ ਦਰ ਮਹੀਨਾ ਵੱਧ ਰਕਮ ਖਰਚਣੀ ਪੈ ਰਹੀ ਹੈ।

ਲੋਬਲਾਅ ਦੀ ਤਰਜ਼ਮਾਨ ਕੈਥਰੀਨ ਥੋਮਸ ਨੇ ਆਖਿਆ ਕਿ ਜ਼ਹਿਰਜ਼, ਪ੍ਰੋਵਿਗੋ ਤੇ ਨੋ ਫਰਿੱਲਜ਼ ਵਰਗੇ ਬੈਨਰਜ਼ ਨੂੰ ਆਪਰੇਟ ਕਰਨ ਵਾਲੀ ਉਨ੍ਹਾਂ ਦੀ ਕੰਪਨੀ ਅਜੇ ਵੀ ਬਹੁਤੀਆਂ ਚੀਜ਼ਾਂ ਦੀਆਂ ਵਸਤਾਂ ਵਿੱਚ ਕੋਈ ਵਾਧਾ ਨਹੀਂ ਕਰੇਗੀ ਤੇ ਉਨ੍ਹਾਂ ਦੇ ਨੋ ਨੇਮ ਪ੍ਰੋਡਕਟ ਖਰੀਦਣ ਵਾਲੇ ਪਰਿਵਾਰਾਂ ਨੂੰ ਇਸ ਸਾਲ ਵੀ ਫਾਇਦਾ ਹੋਵੇਗਾ। ਇਸੇ ਤਰ੍ਹਾਂ ਮੈਟਰੋ ਦੇ ਸੀਈਓ ਐਰਿਕ ਲਾ ਫਲੈਸ਼ ਨੇ ਆਖਿਆ ਕਿ ਅਸੀਂ ਭਵਿੱਖ ਵਿੱਚ ਫੂਡ ਨਾਲ ਸਬੰਧਤ ਮਹਿੰਗਾਈ ਵਧੇਗੀ ਜਾਂ ਨਹੀਂ ਇਸ ਬਾਰੇ ਕੋਈ ਪੇਸ਼ੀਨਿਗੋਈ ਨਹੀਂ ਕਰ ਸਕਦੇ। ਉਨ੍ਹਾਂ ਆਖਿਆ ਕਿ ਬਹੁਤੇ ਵੈਂਡਰਜ਼ ਵੱਲੋਂ ਕੀਮਤਾਂ ਵਿੱਚ ਵਾਧਾ ਕਰਨ ਦੀ ਮੰਗ ਸਮੇਂ ਸਮੇਂ ਉੱਤੇ ਆਉਂਦੀ ਰਹਿੰਦੀ ਹੈ ਤੇ ਇਨ੍ਹਾਂ ਕੀਮਤਾਂ ਵਿੱਚ ਹੋਣ ਵਾਲੇ ਵਾਧੇ ਦਾ ਕਾਰਨ ਸਾਡੇ ਕੰਟਰੋਲ ਤੋਂ ਬਾਹਰ ਹੈ।

NOW HIRING !!!
ALLKIND INSURANCE
Life Insurance
Critical illness Ins
Travel & Visitor Ins
RESP & TFSA & RRSP
Super Visa Insurance
Mortgage Insurance
Disability Insurance
Funeral Insurance

SIMRAN SAINI
416.994.7272
www.allkindinsurance.com

SUPER VISA INSURANCE EXPERTS
7003 Steeles Ave. W, Unit 10, Etobicoke, ON, M9W 0A2
gill@punjabinsurance.ca | topinsuranceservices.ca
Punjab Insurance Inc

Disability Insurance
Mortgage Insurance
Life Insurance
Visitor & Travel Insurance
RESP(Education Plan)
Critical Illness Insurance
RANJIT GILL
Insurance Advisor
416-724-5000

GURBIR CHAHAL
Sales Representative
416.566.7605
gurbir.chahal@yahoo.com
ROYAL LEPAGE Flower City Realty Off: 905.230.3100

INSURANCE
Home
Auto
Business
Trucking
Life Insurance
Commercial

647-206-2452
Sukhwinder K Singh
CONNEX 7050A Bramalea Rd, Unit # 13, Mississauga, ON L5S 1T1

OURR HOME & APPLIANCES
ਪੂਰਾ ਇਸ਼ਤਿਹਾਰ ਪੰਨਾ 6 'ਤੇ ਦੇਖੋ
HURRY UP
LIMITED TIME OFFER
DEALS LIKE NEVER BEFORE
OURR PRICES ARE THE BEST

BEST DEALS ON
LUXURY KITCHEN APPLIANCES
WE CARRY ALL MAJOR BRANDS
UNBOXED UNITS & NEW IN BOX UNITS AVAILABLE
100% CUSTOMER SATISFACTION
KitchenAid moffat MAYTAG LG Electrolux JENNAIR GE AMANA BOSCH Whirlpool SAMSUNG FRIGIDAIRE CAPITAL
UNIT #1, 241 CLARENCE ST BRAMPTON, ON L6W 3E7 (416) 551 3343
44 FASKEN DR. #2-9 ETOBICKOKE, ON M9W 5M8 (416) 792-0877
UNIT #6 410 LEWIS RD, STONEY CREEK, ON L8E 5Y7 (905) 643 0818
UNIT #4 -1540 FANSHAWE PARK ROAD WEST LONDON, ON N6H 5L8 (519) 641-1010
5781 HIGHWAY 7 UNIT 10, VAUGHAN, ON L4L 178 (416) 477 5556
1050 SPEERS ROAD, OAKVILLE, ON, L6L 2X4 (416) 613 0555
416-551-5553
WWW.OURRHOMEAPPLIANCES.COM

AUTO & HOME INSURANCE
Super visa Insurance
Life & Disability
Critical illness
RESP
Visitor & Travel insurance

(416-845-1352)
Manwinder Mangat Broker
Aaxel InsuranceBrokers Ltd.
1332 Khalsa Dr, Unit # 11, Mississauga, ON L5S 0A2

HELPING YOU PLAN TODAY...FOR TOMORROW
Supervisa / Visitor Insurance
Life /Mortgage/Funeral Insurance
Disability Insurance
Critical Illness Insurance
RESP /RRSP
www.ufsinsurance.com
JATINDERBIR S BAJWA
Insurance Broker
Dir:647-928-4990

25-831 Bovarid Dr. W. Brampton, ON L6X0T9 | www.ufsinsurance.com

PEST PROBLEM ?
Residential & Commercial
100% Customer Satisfaction
All Pest Control
MICE, COCKROACH, BEDBUG & ALL COMMON BUGS
AFFORDABLE & RELIABLE
647.990.3205

KSG Pest Control Inc.
Residential, Commercial
www.ksgpestcontrol.ca
ksgpestcontrol@gmail.com
Amarjeet Singh Gill
Certified & Licenced Exterminator

PROTECT YOUR HOME FROM PESTS
Pest Control
100% Success rate for bed bug Treatment
Low Rates/Excellent Pest Control Services
Free Home Inspection Call Today
Ranjit Sidhu
Certified & Licenced Exterminator
BED BUG MATTRESS COVER ALSO AVAILABLE
A-Z Pest Control Inc.
Cell: 647.668.3944 | Office: 905.455.0648
info@atozpestcontroltoronto.com | www.atozpestcontroltoronto.com

Law Office of Aman Sharma
Real Estate
Commercial Lease
Business Purchase & Sale
Notarizations & Affidavits
Wills & Power Of Attorney

Fax: 905-913-2344 Tel: 905-913-2355
25 Cherrycrest Drive, Unit # 6
Brampton, ON, L6P 3W4
Aman Sharma
Open Saturday
Providing excellent quality legal services to our clients

Canada Consumer Credit Assistance ਕਰਜ਼ਾ ਰਹਿਤ ਜਿੰਦਗੀ ਜੀਓ

ਕਰਜ਼ੇ ਦੀ ਸਿਰਦਰਦੀ ?
www.MakeMeDebtFree.ca
ਪਾਵਰ ਆਫ ਸੇਲ ਨੋਟਿਸ ?
ਗਾਰਨਿਸ਼ਮੈਂਟ?
ਬੈਂਕ ਵਲੋਂ ਪੈਸੇ ਦੀ ਮੰਗ ?
ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਨਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ, ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
Late Evening and Weekends Appointments Available
1888 864 3131

Jasbir Singh Hundal
Qualified Credit Counsellor
416-502-3100
Unit #20 - 7015 Tranmere Drive Mississauga, ON L5S 1T7

CN Forklift Training Center

Counterbalance All Types
Walkie pallet Low Lift
Electric Motor Narrow Aisle Reach
Cherry Order Picker
License $69 Toll Free: 1 855 230 0001
7033 Telford Way, Unit #4, Mississauga, ON L5S 1V4

When You Need Re certified License & Training First Call to us
Cell: 416 726 6206 Tel: 905 405 0001
NC Dhawan
Certified Instructor

KELLEY LAW OFFICE
Immigration
Real Estate
Family Law
Business Closing
Corporate
Wills & Estate
Power of Attorney/Affidavit /Attestations
www.kelleylawoffice.ca | info@kelleylawoffice.ca
ਇੱਥੇ ਹਰ ਤਰ੍ਹਾਂ ਦੇ ਇਮੀਗਰੇਸ਼ਨ, ਰੀਅਲ ਅਸਟੇਟ, ਬਿਜਨਸ ਲਾਅ, ਕੋਰਪੋਰੇਟ, ਫੈਮਲੀ ਲਾਅ, ਵਸੀਅਤਨਾਮੇ, ਪਾਵਰ ਆਫ ਅਟੋਰਨੀ, ਰਾਹਦਾਰੀ ਅਤੇ ਹੋਰ ਕਾਨੂੰਨੀ ਸਲਾਹ ਮਸ਼ਵਰੇ ਲਈ ਫੋਨ ਕਰੋ!

1200 Derry Road E, #15, Mississauga, ON L5T 0B3
Shinder Kelley Barrister, Solicitor & Notary Public
905-362-0755

Mortgage! We Will Beat Any Rate !!!
*Each Mortgage Center Office is Independently Owned & Operated
Purchase || Refinance || Major Banks /Credit Unions || Private Lenders || Second Mortgages-Lowest 6.99 %
The Mortgage Centre
Cell: 416-841-4218 Tel: 905-216-5563
Avon Financial Inc. Advice you can bank on.
Brokerage Lic. 12538
Harpreet Singh Goraya
Principal Broker (Lic # M12000607)

831 Bovaird Dr. West, Unit 25, Brampton, ON L6X 0T9 Fax : 905-216-0392

MANN LAW FIRM
Real Estate Law
Business Law
Wills & Estates
Family Law
Power of Attorney
Civil Litigation
Affidavits Notarization / Declaration
Maninder S. Mann B.A. (Hons.), LLB
BARRISTER SOLICITOR NOTARY

Address: 2130 North Park Dr. Suite 246 Brampton, ON L6S 0C9
T: 905 799 9333
www.mannlawfirm.ca

Royal Pest Control
Residential Commercial Industrial
Specialist in Bedbugs Service
All Pest Control :
Mouse & Rats
Spiders & Fleas
Bedbugs

ਕੇਂਦਰੀ ਵਿੱਤ ਮੰਤਰੀ ਨਿਰਮਲਾ ਸੀਤਾਰਮਨ ਵਲੋਂ ਆਮ ਬਜਟ 2023-24 ਪੇਸ਼

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਕਿਹਾ, ਇਹ ਇੱਕ ਟਿਕਾਊ ਬਜਟ ਹੈ, ਵਿੱਤ ਮੰਤਰੀ ਨੂੰ ਦਿੱਤੀ ਵਧਾਈ

ਨਵੀਂ ਦਿੱਲੀ, 1 ਫਰਵਰੀ (ਪੋਸਟ ਬਿਊਰੋ) - ਵਿੱਤ ਮੰਤਰੀ ਨਿਰਮਲਾ ਸੀਤਾਰਮਨ ਨੇ ਆਮ ਬਜਟ ਪੇਸ਼ ਕੀਤਾ ਹੈ। ਇਸ 'ਤੇ ਪ੍ਰਤੀਕਿਰਿਆ ਦਿੰਦੇ ਹੋਏ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਕਿਹਾ ਕਿ ਇਸ ਬਜਟ ਨਾਲ ਸਮਾਜ ਦੇ ਹਰ ਵਰਗ ਨੂੰ ਫਾਇਦਾ ਹੋਵੇਗਾ। ਸਭ ਤੋਂ ਵੱਡੀ ਅਨਾਜ ਭੰਡਾਰਨ ਯੋਜਨਾ ਬਣਾਈ ਗਈ ਹੈ। ਇਹ ਬਜਟ ਪੇਂਡੂ ਵਿਕਾਸ ਦਾ ਧੁਰਾ ਹੈ। ਹੁਣ ਖੇਤੀ ਸੈਕਟਰ ਵਿੱਚ ਵੀ ਡਿਜੀਟਲ ਪੇਮੈਂਟ ਦੇਖਣ ਨੂੰ ਮਿਲੇਗੀ। ਅਸੀਂ ਤਕਨਾਲੋਜੀ ਅਤੇ ਨਵੇਂ ਭਾਰਤ 'ਤੇ ਧਿਆਨ ਕੇਂਦਰਿਤ ਕੀਤਾ ਹੈ। ਇਸ ਨਾਲ ਵੱਡੀ ਆਬਾਦੀ ਨੂੰ ਰੁਜ਼ਗਾਰ ਮਿਲੇਗਾ। ਇਹ ਇੱਕ ਟਿਕਾਊ ਭਵਿੱਖ ਲਈ ਬਜਟ ਹੈ। ਇਹ ਬਜਟ ਜੀਵਨ ਦੀ ਸੌਖ ਨੂੰ ਵਧਾਵਾ ਦੇਵੇਗਾ।

ਪੀਐਮ ਮੋਦੀ ਨੇ ਕਿਹਾ ਕਿ ਅੰਮ੍ਰਿਤਕਾਲ ਦੇ ਪਹਿਲੇ ਬਜਟ ਨੇ ਵਿਕਸਤ ਭਾਰਤ ਦੇ ਸੰਕਲਪ ਨੂੰ ਪੂਰਾ ਕਰਨ ਦਾ ਆਧਾਰ ਪ੍ਰਦਾਨ ਕੀਤਾ ਹੈ। ਇਹ ਬਜਟ ਕਿਸਾਨਾਂ, ਮੱਧ ਵਰਗ ਦੀਆਂ ਉਮੀਦਾਂ ਨਾਲ ਭਰਪੂਰ ਸਮਾਜ ਦੇ ਸੁਪਨੇ ਨੂੰ ਪੂਰਾ ਕਰੇਗਾ। ਬਜਟ ਵਿੱਚ ਪਛੜੇ ਵਰਗਾਂ ਨੂੰ ਪਹਿਲ ਦਿੱਤੀ ਗਈ ਹੈ। ਅੱਜ, ਜਦੋਂ ਬਾਜਰੇ ਦੁਨੀਆ ਭਰ ਵਿੱਚ ਪ੍ਰਸਿੱਧ ਹੋ ਰਹੇ ਹਨ, ਸਭ ਤੋਂ ਵੱਧ ਲਾਭ ਭਾਰਤ ਦੇ ਛੋਟੇ ਕਿਸਾਨਾਂ ਦੇ ਹੱਥਾਂ ਵਿੱਚ ਹੈ। ਹੁਣ ਇਸ 'ਸੁਪਰ ਫੂਡ' ਨੂੰ 'ਸ਼੍ਰੀ ਅੰਨਾ' ਦੇ ਨਾਂ ਨਾਲ ਨਵੀਂ ਪਛਾਣ ਦਿੱਤੀ ਗਈ ਹੈ। 'ਸ਼੍ਰੀ ਅੰਨਾ' ਨਾਲ ਸਾਡੇ ਛੋਟੇ ਕਿਸਾਨਾਂ ਅਤੇ ਖੇਤੀ ਕਰਨ ਵਾਲੇ ਆਦਿਵਾਸੀ ਭਰਾ-ਭੈਣਾਂ ਨੂੰ ਆਰਥਿਕ ਮਜ਼ਬੂਤੀ ਮਿਲੇਗੀ।

ਉਨ੍ਹਾਂ ਕਿਹਾ ਕਿ ਇਸ ਬਜਟ ਵਿੱਚ ਔਰਤਾਂ ਲਈ ਵਿਸ਼ੇਸ਼ ਬੱਚਤ ਯੋਜਨਾ ਵੀ ਸ਼ੁਰੂ ਕੀਤੀ ਜਾ ਰਹੀ ਹੈ। ਇਹ ਬਜਟ ਸਹਿਕਾਰੀ ਸਭਾਵਾਂ ਨੂੰ ਪੇਂਡੂ ਅਰਥਚਾਰੇ ਦਾ ਧੁਰਾ ਬਣਾਏਗਾ। ਇਸ ਬਜਟ ਵਿੱਚ ਨਵੀਆਂ ਪ੍ਰਾਇਮਰੀ ਸਹਿਕਾਰੀ ਸਭਾਵਾਂ ਬਣਾਉਣ ਦੀ ਅਭਿਲਾਸ਼ੀ ਯੋਜਨਾ ਦਾ ਐਲਾਨ ਵੀ ਕੀਤਾ ਗਿਆ ਹੈ।

ਅੰਕੜਿਆਂ ਵਿਚ ਆਮ ਬਜਟ 2023-24:

-ਇਨਕਮ ਟੈਕਸ ਸਲੈਬ ਨੂੰ ਘਟਾ ਕੇ ਪੰਜ ਕਰ ਦਿੱਤਾ ਗਿਆ ਹੈ। ਨਵੀਆਂ ਦਰਾਂ ਇਸ ਤਰ੍ਹਾਂ ਹਨ- 3 ਲੱਖ ਰੁਪਏ ਤੱਕ ਦੀ ਆਮਦਨ 'ਤੇ ਜ਼ੀਰੋ ਟੈਕਸ, 3 ਤੋਂ 6 ਲੱਖ ਰੁਪਏ ਤੱਕ ਦੀ ਆਮਦਨ 'ਤੇ 5 ਫੀਸਦੀ, 6 ਤੋਂ 9 ਲੱਖ ਰੁਪਏ ਤੱਕ ਦੀ ਆਮਦਨ 'ਤੇ 10 ਫੀਸਦੀ, 9 ਤੋਂ 9 ਲੱਖ ਰੁਪਏ ਤੱਕ ਦੀ ਆਮਦਨ 'ਤੇ 15 ਫੀਸਦੀ। 12 ਲੱਖ ਰੁਪਏ, 12 ਤੋਂ 15 ਲੱਖ ਰੁਪਏ ਦੀ ਆਮਦਨ 'ਤੇ 20 ਫੀਸਦੀ, ਅਤੇ 15 ਲੱਖ ਰੁਪਏ ਤੋਂ ਵੱਧ ਦੀ ਆਮਦਨ 'ਤੇ 30 ਫੀਸਦੀ।

-ਹੁਣ ਨਵੀਂ ਇਨਕਮ ਟੈਕਸ ਵਿਵਸਥਾ ਦੇ ਤਹਿਤ 7 ਲੱਖ ਰੁਪਏ ਸਾਲਾਨਾ ਤੱਕ ਦੀ ਕਮਾਈ ਕਰਨ ਵਾਲਿਆਂ ਨੂੰ ਕੋਈ ਇਨਕਮ ਟੈਕਸ ਨਹੀਂ ਦੇਣਾ ਪਵੇਗਾ ਪਰ ਜੇਕਰ ਇਸ ਤੋਂ ਜ਼ਿਆਦਾ ਆਮਦਨ ਹੁੰਦੀ ਹੈ ਤਾਂ ਇਨਕਮ ਟੈਕਸ ਦੇਣਾ

ਹੋਵੇਗਾ। ਨਵੀਂ ਟੈਕਸ ਪ੍ਰਣਾਲੀ ਨੂੰ ਡਿਫਾਲਟ ਪ੍ਰਣਾਲੀ ਬਣਾ ਦਿੱਤਾ ਗਿਆ ਹੈ, ਹਾਲਾਂਕਿ ਪੁਰਾਣੀ ਟੈਕਸ ਪ੍ਰਣਾਲੀ ਵੀ ਬਰਕਰਾਰ ਰਹੇਗੀ।

-15 ਲੱਖ ਰੁਪਏ ਦੀ ਸਾਲਾਨਾ ਆਮਦਨ ਵਾਲੇ ਵਿਅਕਤੀ ਨੂੰ ਹੁਣ 1.5 ਲੱਖ ਰੁਪਏ ਦਾ ਇਨਕਮ ਟੈਕਸ ਦੇਣਾ ਹੋਵੇਗਾ, ਜਦੋਂ ਕਿ ਹੁਣ ਤੱਕ 1.87 ਲੱਖ ਰੁਪਏ ਦਾ ਇਨਕਮ ਟੈਕਸ ਦੇਣਾ ਪੈਂਦਾ ਸੀ।

-ਰੇਲਵੇ ਦੇ ਰੱਖ-ਰਖਾਅ ਅਤੇ ਬਿਹਤਰੀ ਲਈ 2.4 ਲੱਖ ਕਰੋੜ ਰੁਪਏ ਦੀ ਅਲਾਟਮੈਂਟ ਕੀਤੀ ਗਈ ਹੈ, ਜੋ ਹੁਣ ਤੱਕ ਦਾ ਸਭ ਤੋਂ ਵੱਡਾ ਹੈ।

-ਰੱਖਿਆ ਬਜਟ ਵਧਾ ਕੇ 6.2 ਲੱਖ ਕਰੋੜ ਰੁਪਏ ਕਰ ਦਿੱਤਾ ਗਿਆ ਹੈ - ਪਿਛਲੇ ਸਾਲ ਦੇ ਮੁਕਾਬਲੇ 16 ਫੀਸਦੀ ਦਾ ਵਾਧਾ। ਇਸ ਵਿਚ ਪੈਨਸ਼ਨਾਂ ਵੀ ਸ਼ਾਮਲ ਹਨ, ਜਿਨ੍ਹਾਂ ਵਿਚ ਕਾਫੀ ਵਾਧਾ ਹੋਇਆ ਹੈ।

-ਖੇਤੀ ਕਰਜ਼ੇ ਦਾ ਟੀਚਾ ਵਧਾ ਕੇ 20 ਲੱਖ ਕਰੋੜ ਰੁਪਏ ਕੀਤਾ ਗਿਆ ਹੈ।

-ਪ੍ਰਧਾਨ ਮੰਤਰੀ ਆਵਾਸ ਯੋਜਨਾ ਲਈ ਅਲਾਟਮੈਂਟ 66% ਵਧ ਕੇ 79,000 ਕਰੋੜ ਰੁਪਏ ਹੋਈ।

-ਪੂੰਜੀ ਨਿਵੇਸ਼ ਲਈ ਅਲਾਟਮੈਂਟ 33 ਫੀਸਦੀ ਵਧ ਕੇ 10 ਲੱਖ ਕਰੋੜ ਹੋ ਗਈ, ਜੋ ਜੀਡੀਪੀ ਦਾ 3.3 ਫੀਸਦੀ ਹੋਵੇਗਾ।

-ਕੇਂਦਰ ਦਾ ਪ੍ਰਭਾਵੀ ਪੂੰਜੀ ਖਰਚ 13.7 ਲੱਖ ਕਰੋੜ ਹੋਵੇਗਾ।

-ਵਿੱਤੀ ਸਾਲ 2024 ਲਈ ਵਿੱਤੀ ਘਾਟੇ ਦਾ ਟੀਚਾ 5.9 ਫੀਸਦੀ ਰੱਖਿਆ ਗਿਆ ਹੈ ਅਤੇ 2025-26 ਤੱਕ ਇਸ ਨੂੰ 4.5 ਫੀਸਦੀ 'ਤੇ ਲਿਆਉਣ ਦਾ ਟੀਚਾ ਹੈ। ਵਿੱਤੀ ਸਾਲ 23 ਲਈ ਵਿੱਤੀ ਘਾਟਾ 6.4 ਫੀਸਦੀ ਦੇ ਟੀਚੇ ਦੇ ਨੇੜੇ ਹੈ।

-ਅਗਲੇ ਵਿੱਤੀ ਸਾਲ ਲਈ ਟੈਕਸ ਪ੍ਰਾਪਤੀਆਂ 23.3 ਲੱਖ ਕਰੋੜ ਹੋਣ ਦਾ ਅਨੁਮਾਨ ਹੈ।

-ਰਣਨੀਤਕ ਖੇਤਰਾਂ ਵਿੱਚ 157 ਨਵੇਂ ਨਰਸਿੰਗ ਕਾਲਜ ਸਥਾਪਤ ਕੀਤੇ ਜਾਣਗੇ, ਅਤੇ ਸਾਲ 2047 ਤੱਕ ਸਿਕਲ ਸੈੱਲ ਅਨੀਮੀਆ ਨੂੰ ਖ਼ਤਮ ਕਰਨ ਦਾ ਮਿਸ਼ਨ ਹੈ।

-ਆਦਿਵਾਸੀਆਂ ਲਈ ਸੁਰੱਖਿਅਤ ਰਿਹਾਇਸ਼, ਸੈਨੀਟੇਸ਼ਨ, ਪੀਣ ਵਾਲੇ ਪਾਣੀ ਅਤੇ ਬਿਜਲੀ ਲਈ ਅਗਲੇ ਤਿੰਨ ਸਾਲਾਂ ਲਈ 15,000 ਕਰੋੜ ਰੁਪਏ ਅਲਾਟ।

-ਸਾਰੇ ਸ਼ਹਿਰਾਂ ਅਤੇ ਕਸਬਿਆਂ ਵਿੱਚ ਸੀਵਰਾਂ ਅਤੇ ਸੈਪਟਿਕ ਟੈਂਕਾਂ ਦੀ ਸਫ਼ਾਈ ਦਾ ਕੰਮ 100 ਪ੍ਰਤੀਸ਼ਤ ਮਸ਼ੀਨ ਮੋਡ ਨਾਲ ਕੀਤਾ ਜਾਵੇਗਾ।

-ਏਕਲਵਿਆ ਮਾਡਲ ਰਿਹਾਇਸ਼ੀ ਸਕੂਲਾਂ ਲਈ ਤਿੰਨ ਸਾਲਾਂ ਵਿੱਚ 38,800 ਅਧਿਆਪਕਾਂ ਦੀ ਭਰਤੀ ਕੀਤੀ ਜਾਵੇਗੀ।

-3,000 ਕਰੈਡਿਟ ਸੋਸਾਇਟੀਆਂ ਦੇ ਕੰਪਿਊਟਰੀਕਰਨ ਲਈ 2,516 ਕਰੋੜ ਰੁਪਏ ਅਲਾਟ ਕੀਤੇ ਗਏ ਹਨ।

-5-ਜੀ ਸੇਵਾਵਾਂ ਲਈ ਐਪਸ ਵਿਕਸਿਤ ਕਰਨ ਲਈ 100 ਲੈਬਾਂ ਸਥਾਪਤ ਕੀਤੀਆਂ ਜਾਣਗੀਆਂ।

-ਨੌਜਵਾਨਾਂ ਲਈ 30 ਸਕਿੱਲ ਇੰਡੀਆ ਇੰਟਰਨੈਸ਼ਨਲ ਸੈਂਟਰ ਸਥਾਪਿਤ ਕੀਤੇ ਜਾਣਗੇ।

-ਇੱਕ ਕਰੋੜ ਕਿਸਾਨਾਂ ਨੂੰ ਕੁਦਰਤੀ ਖੇਤੀ ਅਪਣਾਉਣ ਵਿੱਚ ਮਦਦ ਕੀਤੀ ਜਾਵੇਗੀ।

-ਚੈਲੇਂਜ ਮੋਡ ਰਾਹੀਂ ਸੈਰ-ਸਪਾਟੇ ਲਈ 50 ਥਾਵਾਂ ਦੀ ਚੋਣ ਕੀਤੀ ਜਾਵੇਗੀ।

-ਮਹਿਲਾ ਸਨਮਾਨ ਬੱਚਤ ਪੱਤਰ ਸ਼ੁਰੂ, ਦੋ ਸਾਲ ਤੱਕ ਦੋ ਲੱਖ ਜਮਾਂ ਕਰ ਸਕਣਗੀਆਂ ਔਰਤਾਂ।

-ਸੀਨੀਅਰ ਨਾਗਰਿਕਾਂ ਲਈ ਬੱਚਤ ਯੋਜਨਾ ਦੀ ਅਧਿਕਤਮ ਸੀਮਾ 15 ਲੱਖ ਤੋਂ ਵਧਾ ਕੇ 30 ਲੱਖ ਕਰ ਦਿੱਤੀ ਗਈ ਹੈ।

-ਮਹੀਨਾਵਾਰ ਆਮਦਨ ਯੋਜਨਾ ਲਈ, ਇੱਕ ਖਾਤੇ ਲਈ ਵੱਧ ਤੋਂ ਵੱਧ ਜਮ੍ਹਾਂ ਸੀਮਾ ਨੂੰ ਵਧਾ ਕੇ 9 ਲੱਖ ਰੁਪਏ ਕਰ ਦਿੱਤਾ ਗਿਆ ਹੈ, ਜੋੜੇ ਦੇ ਖਾਤੇ ਲਈ ਵੱਧ ਤੋਂ ਵੱਧ ਸੀਮਾ ਵਧਾ ਕੇ 15 ਲੱਖ ਰੁਪਏ ਕਰ ਦਿੱਤੀ ਗਈ ਹੈ।

-ਛੋਟੇ ਉਦਯੋਗਾਂ ਨੂੰ 9,000 ਕਰੋੜ ਦੀ ਕ੍ਰੈਡਿਟ ਗਾਰੰਟੀ ਦਿੱਤੀ ਜਾਵੇਗੀ।

-ਬੇਸਿਕ ਕਸਟਮ ਡਿਊਟੀ 21% ਤੋਂ ਘਟਾ ਕੇ 13% ਕੀਤੀ।

-ਸਿਗਰਟ 'ਤੇ ਟੈਕਸ 16 ਫੀਸਦੀ ਵਧਿਆ ਹੈ।

-ਮਿਸ਼ਰਿਤ ਰਬੜ 'ਤੇ ਬੇਸਿਕ ਇੰਪੋਰਟ ਡਿਊਟੀ 10 ਫੀਸਦੀ ਤੋਂ ਵਧਾ ਕੇ 25 ਫੀਸਦੀ ਕਰ ਦਿੱਤੀ ਗਈ ਹੈ।

-ਰਸੋਈ ਦੀ ਇਲੈਕਟ੍ਰਿਕ ਚਿਮਨੀ 'ਤੇ ਕਸਟਮ ਡਿਊਟੀ 7.5 ਫੀਸਦੀ ਤੋਂ ਵਧਾ ਕੇ 15 ਫੀਸਦੀ ਕਰ ਦਿੱਤੀ ਗਈ ਹੈ।

-ਟੈਕਸ ਪੋਰਟਲ ਰਾਹੀਂ 6.5 ਕਰੋੜ ਆਮਦਨ ਟੈਕਸ ਰਿਟਰਨਾਂ ਦੀ ਪ੍ਰਕਿਰਿਆ ਕੀਤੀ ਗਈ ਸੀ।

-ਚੋਣਾਂ ਦਾ ਸਾਹਮਣਾ ਕਰਨ ਜਾ ਰਹੇ ਕਰਨਾਟਕ ਵਿੱਚ ਅੱਪਰ ਭਾਦਰਾ ਪ੍ਰਾਜੈਕਟ ਲਈ 5,300 ਕਰੋੜ ਰੁਪਏ ਦਿੱਤੇ ਜਾਣਗੇ।

-ਨਵੀਂ ਟੈਕਸ ਵਿਵਸਥਾ 'ਚ ਸਰਚਾਰਜ ਦੀ ਵੱਧ ਤੋਂ ਵੱਧ ਦਰ 37 ਫੀਸਦੀ ਤੋਂ ਘਟਾ ਕੇ 25 ਫੀਸਦੀ ਕਰ ਦਿੱਤੀ ਗਈ ਹੈ।

ਅੱਜ ਨਾਮਾ

ਆਇਆ ਕੇਂਦਰ ਸਰਕਾਰ ਦਾ ਅੱਜ ਬੱਜਟ,
ਪਾਇਆ ਈ ਬੋਝ ਥੋੜ੍ਹਾ, ਚੋਖੀ ਛੋਟ ਮੀਆਂ।
ਬੋਝ ਟੈਕਸ ਦਾ ਕੀਤਾ ਗਿਆ ਘੱਟ ਵਾਹਵਾ,
ਵੱਜਣ ਦਿੱਤੀ ਨਹੀਂ ਕਿਤੇ ਕੁਝ ਚੋਟ ਮੀਆਂ।
ਅੰਕੜਿਆਂ ਵਾਲੀ ਵੀ ਬਹੁਤ ਕਮਾਲ ਕੀਤੀ,
ਚਮਕਣ ਦਿੱਤਾ ਨਹੀਂ ਕਿਤੇ ਹੈ ਖੋਟ ਮੀਆਂ।
ਅਗਲੀਆਂ ਚੋਣਾਂ ਦਾ ਸਿਰਫ ਖਿਆਲ ਕੀਤਾ,
ਫਿਰ ਤੋਂ ਹੂੰਝਣ ਲਈ ਲੋਕਾਂ ਦੇ ਵੋਟ ਮੀਆਂ।
ਮੱਝਾਂ ਚੋਵਣ ਲਈ ਭਾੜਾ ਜਿਉਂ ਕੋਈ ਪਾਵੇ,
ਇਹੀਓ ਵੱਜਦੀ ਬੱਜਟ ਵਿੱਚ ਰਮਜ਼ ਮੀਆਂ।
ਸਿੱਧੀ ਆਖੀ ਨਹੀਂ, ਬਾਤ ਸਭ ਗੁਪਤ ਰੱਖੀ,
ਸਮਝਣ ਵਾਲਿਆਂ ਲੈਣੀ ਸਭ ਸਮਝ ਮੀਆਂ।

ਤੀਸ ਮਾਰ ਖਾਂ

REXDALE FINANCIAL SERVICES
WE HELP YOU START, GROW AND SUCCEED
We bring Canada's leading lenders to you
The Mortgage Centre
I direct mortgages Inc.
21 Roysun Rd, #6, Woodbridge, ON L4L 8R3
Ph: 905.652.3000 ext 467 | 905.652.300 ext 468
Each Mortgage center is independently owned and operated
Call now: 416.674.8035 | 416.674.7050 or Fax: 416.674.9009
ਮਿਲ ਰਹੇ ਘੱਟ ਵਿਆਜ ਦਰਾਂ ਦਾ ਫਾਇਦਾ ਚੱਕੋ ਅਤੇ ਹਜ਼ਾਰਾਂ ਹੀ ਡਾਲਰ ਬਚਾਓ!
• DEBT CONSOLIDATION • HOME EQUITY
• LOANS • HOME RENOVATION
• WANT TO GET OUT OF CREDIT CARD DEBT
ਜਿਆਦਾ ਕਰਜਾ ਦੇ ਕੇ ਥੱਕ ਚੁੱਕੇ ਹੋ? ਆਪਣਾ ਕਰਜਾਂ ਚੁਕਾਓ!!!
ਬੈਂਕ ਨੇ ਕਰ ਦਿੱਤੀ 'ਨਾਂਹ', ਅਸੀਂ ਕਰਾਂਗੇ 'ਹਾਂ'
MORTGAGES SUITABLE FOR EVERY NEED!
1st & 2nd Mortgage Available
ALL IN ONE LOW MONTHLY PAYMENT!
Increase Your Cash Flow by up to 50%
YOU NEED A MORTGAGE? WE'LL ARANGE IT FOR YOU NO MATTER WHAT YOUR REASON IS!
Self Employed or Unemployed
Each Mortgage Centre is independently owned and operated
19 Woodbine Downs Blvd, #201, Etobicoke, ON M9W 6N5
Jaspal Singh Gahunia #M08006400
416.677.0047

TAX & ACCOUNTING
TAX | HST REBATE | ADVISORY | ACCOUNTING | INCORPORATION | BUSINESS LOAN | PERSONAL TAX
Harcharan S. Grover
Chartered Accountant
ਸਾਨੂੰ ਕਾਲ ਕਰੋ ਤੇ ਆਪਣਾ ਟੈਕਸ ਬਚਾਓ
Call for Professional Advice
905.247.0193
info@grovercpa.ca
GroVerCPA Professional Corporation
214-7895 Tranmere Drive, Mississauga ON L5S 1V9

NATURAL HEALTH SOLUTIONS
Over 20 years Homeopathic/Holistic ways case solving experience
HOMEOPATHY / HOLISTIC ਵਿਧੀ ਰਾਹੀਂ ਬਿਮਾਰੀਆਂ ਦਾ ਇਲਾਜ ਕਰਨ ਦਾ 20 ਸਾਲ ਤੋਂ ਵੱਧ ਦਾ ਤਜੁਰਬਾ। ABDOMINAL, METABOLIC, SKIN ਅਤੇ ਬੱਚਿਆਂ ਨਾਲ ਸੰਬੰਧਿਤ ਬਿਮਾਰੀਆਂ ਜਿਵੇਂ ਕੇ ਭੁੱਖ ਨਾ ਲੱਗਣਾ ਅਤੇ PSYCOLOGICAL ਸੱਮਸਿਆਵਾਂ ਨੂੰ ਠੀਕ ਕਰਨ ਦਾ ਤਜੁਰਬਾ।
ਜੇਕਰ ਕਿਤੋਂ ਹੋਰ ਇਲਾਜ ਨਹੀਂ ਹੋਇਆ ਤਾਂ ਸਾਡੇ ਨਾਲ ਸੰਪਰਕ ਕਰੋ -
ਤੁਹਾਡੀ ਭਾਸ਼ਾ ਬੋਲਦੇ - Hindi, Punjabi & English
ASHFAQ AHMAD (M.Sc.)
- Registered Ontario Homeopath
- Holistic Nutritionist
- Certified Herbalist
Phone: 647-779-5904
Address: 8 Camperdown Ave, Etobicoke.
Clinic hours: all appointment basis for client convenience

SherGill Law Firm
Barrister, Solicitor & Notary Public
Services:
* Real Estate
* Residential, Commercial & Franchise
* Criminal Law
* Family Law
* Affidavit, Power Of Attorney & Notarization
* Immigration Matters
Paramjit Singh Gill (MBA,LL.B.)
Tel: 905-790-3636
2565 Steeles Ave E Unit #20, Brampton, ON L6T 4L6
Emergency Contact: 416.910.5676
www.shergilllawfirm.ca

ਬਰਾੜ ਗਰਾਜ ਡੋਰ
ਅਸੀਂ ਰੀਪੇਅਰ ਕਰਦੇ ਹਾਂ :
BROKEN SPRINGS
CABLES & ROLLERS
GARAGE DOOR OPENERS
We Install Garage Door Openers
ਸੰਪਰਕ ਕਰੋ: (416) 357-4082, ਈਮੇਲ ਕਰੋ: brargaragedoors@gmail.com

ਆਓ ਸੱਤ ਸਮੁੰਦਰੋ ਪਾਰ ਵਾਲਿਆਂ ਦਾ ਵੀ ਸੋਚੀਏ
Super Visa
- How your spouse can join you within 4-6 months
- How your parents can join you
- How students & skilled people can come to Canada
- How international Students & Foreign workers can get their immigration
We do appeal for Refusal cases also
Sponsor Your Family
MacroGlobal Immigration Services Ltd.
Seema Bhayana
MEMBER ICCRC
Ph: 905 452 0000, 905 452 9999
180 Wilkinson Road, Unit 18 Brampton, ON L6T 4M3
Fax: 905 452 9996 Email: macroglobal@rogers.com
www.macroimmigration.com

ukttc UK TRUCK TRAINING CENTRE
PCC #179958
Registered as a Private Careers College
ਹੁਣ ਕੈਮਬ੍ਰਿਜ ਵਿੱਚ ਨਵੀਂ ਲੋਕੇਸ਼ਨ ਖੁੱਲ ਗਈ ਹੈ!!!
225 Sheldon Dr #18, Cambridge
Automatic & Manual Trucks
1 on 1 Training
Air Brake Classes
Sat & Sun 8.00am to 4.00pm
Wed & Thu 4.00pm to 11.00pm
ਜਲਦੀ ਰੋਡ ਟੈਸਟ ਬੁਕਿੰਗ
Forklift Training
Forklift $79 Recertification
Counterbalance
Reach Truck
ਬਾਰ-ਬਾਰ ਫੇਲ੍ਹ ਹੋਣ ਤੋਂ ਬਚਣ ਲਈ ਤਜ਼ਰਬੇਕਾਰ ਇੰਸਟ੍ਰਕਟਰ ਤੋਂ ਟ੍ਰੇਨਿੰਗ ਪ੍ਰਾਪਤ ਕਰੋ।
We help in Written Test & in Finding Jobs
20 ਸਾਲਾਂ ਦਾ ਤਜ਼ਰਬਾ | 7 ਦਿਨ ਖੁੱਲਾ | ਗੇਅਰਾਂ ਵਾਲੇ ਟਰੱਕਾ ਦੀ ਸਪੈਸ਼ਲ ਟ੍ਰੇਨਿੰਗ
7542 Bath Rd, Mississauga, ON L4T 1L2, Off:905.673.7979
OPEN 7 DAYS
uktruck1@gmail.com
Jitpal Singh Deol
647-204-1936

ਦੇਸ਼ ਵਿੱਚ ਅਮ੍ਰਿਤਕਾਲ, ਬਜਟ ਹੋਵੇਗਾ ਅਮੀਰ ਜਾਂ ਮਾੜਾ

2024 'ਚ ਹੋਣ ਵਾਲੀਆਂ ਲੋਕ ਸਭਾ ਚੋਣਾਂ ਤੋਂ ਪਹਿਲਾਂ ਮੋਦੀ ਸਰਕਾਰ ਦਾ ਇਹ ਆਖਰੀ ਪੂਰਾ ਬਜਟ ਹੈ। ਕੇਂਦਰੀ ਬਜਟ ਤੋਂ ਆਮ ਆਦਮੀ ਤੋਂ ਲੈ ਕੇ ਸਨਅਤ ਤੱਕ ਬਹੁਤ ਸਾਰੀਆਂ ਉਮੀਦਾਂ ਹਨ, ਕੋਰੋਨਾ ਮਹਾਮਾਰੀ ਤੋਂ ਬਾਅਦ ਭਾਰਤ ਦੀ ਘਰੇਲੂ ਅਰਥਵਿਵਸਥਾ ਦੀ ਹਾਲਤ ਦੁਨੀਆ ਦੇ ਦੂਜੇ ਦੇਸ਼ਾਂ ਨਾਲੋਂ ਬਿਹਤਰ ਹੈ, ਮੌਜੂਦਾ ਸਮੇਂ 'ਚ ਭਾਰਤੀ ਅਰਥਵਿਵਸਥਾ ਜੀ-20 'ਚ ਸਭ ਤੋਂ ਤੇਜ਼ੀ ਨਾਲ ਵਧ ਰਹੀ ਅਰਥਵਿਵਸਥਾ ਹੈ। ਦੇਸ਼, ਹਾਲਾਂਕਿ ਦੇਸ਼ ਦੀ ਆਰਥਿਕਤਾ ਦੀ ਰਿਕਵਰੀ ਨੂੰ ਤੇਜ਼ ਕਰਨ, ਕਰਜ਼ੇ ਦੇ ਬੋਝ ਨੂੰ ਘਟਾਉਣ, ਮੱਧ ਵਰਗ ਨੂੰ ਰਾਹਤ ਦੇਣ ਅਤੇ ਵਿੱਤੀ ਘਾਟੇ ਨੂੰ ਘਟਾਉਣ ਵਰਗੀਆਂ ਵੱਡੀਆਂ ਚੁਣੌਤੀਆਂ ਹਨ। ਸਾਲ 2023 ਉਹ ਸਮਾਂ ਦਰਸਾਉਂਦਾ ਹੈ ਜਦੋਂ ਭਾਰਤ ਅੰਮ੍ਰਿਤ ਕਾਲ ਵਿੱਚ ਪ੍ਰਵੇਸ਼ ਕਰ ਰਿਹਾ ਹੈ। ਆਉਣ ਵਾਲੇ 25 ਸਾਲਾਂ ਵਿੱਚ, ਸਾਲ 2047 ਆਵੇਗਾ, ਜੋ ਸਾਡੀ ਆਜ਼ਾਦੀ ਦਾ 100ਵਾਂ ਸਾਲ ਹੋਵੇਗਾ।

-ਪ੍ਰਿਅੰਕਾ ਸੌਰਭ

ਮੋਦੀ ਸਰਕਾਰ 2024 ਦਾ ਏਜੰਡਾ ਤੈਅ ਕਰ ਰਹੀ ਹੈ ਅਤੇ ਵਿਰੋਧੀ ਧਿਰ ਵੀ ਆਪਣੀ ਪਿਚ ਤਿਆਰ ਕਰ ਰਹੀ ਹੈ। ਅੱਜ ਬਜਟ ਰਾਹੀਂ ਸਰਕਾਰ ਨੇ ਆਪਣੀ ਆਰਥਿਕ ਨੀਤੀ ਦੇਸ਼ ਦੇ ਸਾਹਮਣੇ ਰੱਖੀ। ਇਸ ਆਰਥਿਕਤਾ ਦੇ ਪਿੱਛੇ ਸਿਆਸਤ ਵੀ ਹੈ। ਸਰਕਾਰ ਨੇ ਮੱਧ ਵਰਗ ਨੂੰ ਖੁਸ਼ ਕਰਨ ਲਈ ਇੱਕ ਬਾਜ਼ੀ ਮਾਰੀ ਹੈ। ਨੇ ਕਿਸਾਨ ਦੇ ਕੋਠੇ ਅਤੇ ਗਰੀਬਾਂ ਦੀ ਥਾਲੀ ਲਈ ਆਪਣਾ ਥੈਲਾ ਖੋਲ੍ਹ ਦਿੱਤਾ ਹੈ। 2024 'ਚ ਹੋਣ ਵਾਲੀਆਂ ਲੋਕ ਸਭਾ ਚੋਣਾਂ ਤੋਂ ਪਹਿਲਾਂ ਮੋਦੀ ਸਰਕਾਰ ਦਾ ਇਹ ਆਖਰੀ ਪੂਰਾ ਬਜਟ ਹੈ। ਕੇਂਦਰੀ ਬਜਟ ਤੋਂ ਆਮ ਆਦਮੀ ਤੋਂ ਲੈ ਕੇ ਸਨਅਤ ਤੱਕ ਬਹੁਤ ਸਾਰੀਆਂ ਉਮੀਦਾਂ ਹਨ, ਕੋਰੋਨਾ ਮਹਾਮਾਰੀ ਤੋਂ ਬਾਅਦ ਭਾਰਤ ਦੀ ਘਰੇਲੂ ਅਰਥਵਿਵਸਥਾ ਦੀ ਹਾਲਤ ਦੁਨੀਆ ਦੇ ਦੂਜੇ ਦੇਸ਼ਾਂ ਨਾਲੋਂ ਬਿਹਤਰ ਹੈ, ਮੌਜੂਦਾ ਸਮੇਂ 'ਚ ਭਾਰਤੀ ਅਰਥਵਿਵਸਥਾ ਜੀ-20 'ਚ ਸਭ ਤੋਂ ਤੇਜ਼ੀ ਨਾਲ ਵਧ ਰਹੀ ਅਰਥਵਿਵਸਥਾ ਹੈ। ਦੇਸ਼, ਹਾਲਾਂਕਿ ਦੇਸ਼ ਦੀ ਆਰਥਿਕਤਾ ਦੀ ਰਿਕਵਰੀ ਨੂੰ ਤੇਜ਼ ਕਰਨ, ਕਰਜ਼ੇ ਦੇ ਬੋਝ ਨੂੰ ਘਟਾਉਣ, ਮੱਧ ਵਰਗ ਨੂੰ ਰਾਹਤ ਦੇਣ ਅਤੇ ਵਿੱਤੀ ਘਾਟੇ ਨੂੰ ਘਟਾਉਣ ਵਰਗੀਆਂ ਵੱਡੀਆਂ ਚੁਣੌਤੀਆਂ ਹਨ। ਸਾਲ 2023 ਉਹ ਸਮਾਂ ਦਰਸਾਉਂਦਾ ਹੈ ਜਦੋਂ ਭਾਰਤ ਅੰਮ੍ਰਿਤ ਕਾਲ ਵਿੱਚ ਪ੍ਰਵੇਸ਼ ਕਰ ਰਿਹਾ ਹੈ। ਅਗਲੇ 25 ਸਾਲਾਂ ਵਿੱਚ, ਸਾਲ 2047 ਆਵੇਗਾ, ਜੋ ਸਾਡੀ ਆਜ਼ਾਦੀ ਦਾ 100ਵਾਂ ਸਾਲ ਹੋਵੇਗਾ।

ਪਰਸਨਲ ਟੈਕਸ 'ਚ ਮੋਦੀ ਸਰਕਾਰ ਨੇ ਰੋਜ਼ਗਾਰ ਵਰਗ ਨੂੰ ਵੱਡੀ ਰਾਹਤ ਦਿੱਤੀ ਹੈ। ਹੁਣ ਨਵੀਂ ਟੈਕਸ ਵਿਵਸਥਾ ਦੇ ਤਹਿਤ 7 ਲੱਖ ਤੱਕ ਦੀ ਸਾਲਾਨਾ ਆਮਦਨ ਟੈਕਸ ਮੁਕਤ ਹੋ ਗਈ ਹੈ। ਇਹ ਛੋਟ ਪਹਿਲਾਂ 5 ਲੱਖ ਤੱਕ ਸੀ। ਪੁਰਾਣੀ ਟੈਕਸ ਵਿਵਸਥਾ ਦੇ ਤਹਿਤ ਹੁਣ ਟੈਕਸ ਛੋਟ ਦੀ ਸੀਮਾ 2।5 ਲੱਖ ਰੁਪਏ ਤੋਂ ਵਧਾ ਕੇ 3 ਲੱਖ ਰੁਪਏ ਕਰ ਦਿੱਤੀ ਗਈ ਹੈ। ਟੈਕਸ ਸਲੈਬ 'ਚ ਵੀ ਬਦਲਾਅ ਕੀਤਾ ਗਿਆ ਹੈ। ਹੁਣ 0 ਤੋਂ 3 ਲੱਖ ਰੁਪਏ - 0 ਰੁਪਏ, 3 ਤੋਂ 6 ਲੱਖ ਰੁਪਏ - 5%, ਰੁਪਏ 6 ਤੋਂ 9 ਲੱਖ - 10%, ਰੁਪਏ 9 ਤੋਂ 12 ਲੱਖ - 15%, ਰੁਪਏ 12 ਤੋਂ 15 ਲੱਖ - 20%, 15 ਲੱਖ ਤੋਂ ਵੱਧ ਸਾਲਾਨਾ ਆਮਦਨ - 30% ਟੈਕਸ ਲਗਾਇਆ ਜਾਵੇਗਾ। ਨਵੀਂ ਟੈਕਸ ਪ੍ਰਣਾਲੀ ਵਿੱਚ ਹੁਣ ਹੋਰ ਰਿਆਇਤਾਂ ਦਿੱਤੀਆਂ ਜਾ ਰਹੀਆਂ ਹਨ। ਇਸ ਨਾਲ ਟੈਕਸਦਾਤਾ ਬਿਨਾਂ ਕਿਸੇ ਝਿਜਕ ਦੇ ਪੁਰਾਣੇ ਤੋਂ ਨਵੇਂ ਟੈਕਸ ਪ੍ਰਣਾਲੀ 'ਚ ਤਬਦੀਲ ਹੋ ਸਕਣਗੇ, ਜਿਨ੍ਹਾਂ ਦੀ ਆਮਦਨ 7 ਲੱਖ ਰੁਪਏ ਤੱਕ ਹੈ, ਉਨ੍ਹਾਂ ਨੂੰ ਇਕ ਰੁਪਏ ਦਾ ਵੀ ਟੈਕਸ ਨਹੀਂ ਦੇਣਾ ਪਵੇਗਾ, ਪਰ ਜੇਕਰ ਉਨ੍ਹਾਂ ਦੀ ਆਮਦਨ 7 ਲੱਖ ਤੋਂ ਵੱਧ ਜਾਂਦੀ ਹੈ। ਇੱਕ ਰੁਪਇਆ, ਫਿਰ ਉਨ੍ਹਾਂ ਨੂੰ ਟੈਕਸ ਦੇਣਾ ਪਵੇਗਾ।

'ਸਬਕਾ ਸਾਥ-ਸਬਕਾ ਅਰਦਾਸ' ਰਾਹੀਂ 'ਜਨ ਭਾਗੀਦਾਰੀ' ਦੀ ਲੋੜ ਨੂੰ ਧਿਆਨ ਵਿੱਚ ਰੱਖਦੇ ਹੋਏ, ਇਹ ਬਜਟ ਅੰਮ੍ਰਿਤ ਕਾਲ ਲਈ ਮਜ਼ਬੂਤ ਵਿੱਤੀ ਖੇਤਰ ਦੇ ਨਾਲ ਤਕਨਾਲੋਜੀ-ਅਧਾਰਿਤ ਅਤੇ ਗਿਆਨ-ਅਧਾਰਤ ਅਰਥਚਾਰੇ ਨੂੰ ਦਿਸ਼ਾ ਦੇਣ ਵਾਲਾ ਹੈ। ਇਨ੍ਹਾਂ ਵਿੱਚ ਸਮਾਵੇਸ਼ੀ ਵਿਕਾਸ, ਆਖਰੀ ਮੀਲ ਤੱਕ ਪਹੁੰਚ, ਬੁਨਿਆਦੀ ਢਾਂਚਾ ਅਤੇ ਨਿਵੇਸ਼, ਸੰਭਾਵਨਾਵਾਂ ਨੂੰ ਅਨਲੌਕ ਕਰਨਾ, ਹਰਿਆਲੀ ਵਿਕਾਸ, ਯੁਵਾ ਸ਼ਕਤੀ ਅਤੇ ਵਿੱਤੀ ਖੇਤਰ ਸ਼ਾਮਲ ਹਨ। ਦੇਸ਼ ਦੇ ਵਿਕਾਸ ਲਈ ਬੁਨਿਆਦੀ ਢਾਂਚੇ ਦਾ ਵਿਕਾਸ ਬਹੁਤ ਜ਼ਰੂਰੀ ਹੈ। ਸੜਕ, ਰੇਲ, ਬਿਜਲੀ, ਸਿਹਤ, ਸਿੱਖਿਆ ਅਤੇ ਖੇਤੀਬਾੜੀ ਨਾਲ ਸਬੰਧਤ ਮਹੱਤਵਪੂਰਨ ਬੁਨਿਆਦੀ ਢਾਂਚੇ 'ਤੇ ਕੀਤਾ ਗਿਆ ਨਿਵੇਸ਼ ਮੀਲ ਦਾ ਪੱਥਰ ਸਾਬਤ ਹੋਵੇਗਾ। ਇਸ ਦੇ ਨਾਲ ਹੀ ਵਾਹਨ ਸਕ੍ਰੈਪਿੰਗ ਨੀਤੀ ਨੂੰ ਉਤਸ਼ਾਹਿਤ ਕਰਨ ਲਈ ਬਜਟ ਵਿੱਚ ਵਿਸ਼ੇਸ਼ ਵਿਵਸਥਾ ਕੀਤੀ ਗਈ ਹੈ। ਖਾਦਾਂ ਦੀ ਸੰਤੁਲਿਤ ਵਰਤੋਂ ਨੂੰ ਉਤਸ਼ਾਹਿਤ ਕਰਨ ਲਈ ਕਿਸਾਨਾਂ ਲਈ ਕਈ ਨਵੀਆਂ ਯੋਜਨਾਵਾਂ ਜਿਵੇਂ ਕਿ 2,200 ਕਰੋੜ ਰੁਪਏ ਦੀ ਆਤਮਨਿਰਭਰ ਸਵੱਛ ਯੋਜਨਾ ਪ੍ਰੋਗਰਾਮ, ਵਿਕਲਪਕ ਖਾਦਾਂ ਅਤੇ ਪ੍ਰਧਾਨ ਮੰਤਰੀ ਪ੍ਰਣਾਮ ਯੋਜਨਾ ਲਈ ਵਿਵਸਥਾ ਕੀਤੀ ਗਈ ਹੈ। ਦੂਜੇ ਪਾਸੇ ਮੈਡਮ ਵਿੱਤ ਮੰਤਰੀ ਦੀ ਕਾਫੀ ਤਾਰੀਫ ਕੀਤੀ ਜਾ ਰਹੀ ਹੈ। 41 ਕਰੋੜ ਲੋਕਾਂ ਨੂੰ ਗਰੀਬੀ 'ਚੋਂ ਬਾਹਰ ਕੱਢਿਆ ਤੇ 80 ਕਰੋੜ ਗਰੀਬਾਂ ਨੂੰ ਮੁਫਤ ਰਾਸ਼ਨ।ਦੇਸ਼ ਦੀ ਆਬਾਦੀ ਕਿੰਨੀ ਹੈ? ਦੇਸ਼ ਵਿੱਚ ਕਿੰਨੇ ਅਮੀਰ ਹਨ? ਸਿਰਫ਼ ਦੋ? ਜਾਂ ਦੋ ਸੌ? ਜਾਂ ਦੋ ਹਜ਼ਾਰ ਜਾਂ ਦੋ ਲੱਖ? ਕਰਮਕਾਂਡ, ਵਿਸ਼ਵਾਸ, ਰਾਜਨੀਤੀ ਅਤੇ ਸ਼ਰਧਾ, ਰਾਸ਼ਟਰਵਾਦ ਨੂੰ ਛੱਡ ਕੇ ਆਰਥਿਕਤਾ ਨੂੰ ਸਮਝੋ। ਬਿਹਤਰ ਹੋਵੇਗਾ ਜੇਕਰ ਅਰਥ ਸ਼ਾਸਤਰੀ ਦੇ ਵਿਦਿਆਰਥੀ ਅਤੇ ਅਧਿਆਪਕ ਸਾਨੂੰ ਅਰਥ ਸ਼ਾਸਤਰ ਦੀ ਵਿਆਖਿਆ ਕਰਨ। ਸੰਸਾਰ ਮੰਦੀ ਦੀ ਲਪੇਟ ਵਿੱਚ ਹੈ। ਛਾਂਟੀ ਦਾ ਦੌਰ ਚੱਲ ਰਿਹਾ ਹੈ ਅਤੇ ਸਾਡੇ ਬੱਚਿਆਂ ਨੇ ਪਿਛਲੇ ਤਿੰਨ ਦਹਾਕਿਆਂ ਤੋਂ ਆਈਟੀ ਅਤੇ ਕੰਪਿਊਟਰ ਤੋਂ ਇਲਾਵਾ ਕੁਝ ਨਹੀਂ ਸਿੱਖਿਆ ਹੈ। ਹੁਣ ਬੱਚਿਆਂ ਲਈ ਡਿਜੀਟਲ ਲਾਇਬ੍ਰੇਰੀ ਤੋਂ ਪੈਦਾ ਹੋਵੇਗਾ ਰੁਜ਼ਗਾਰ? ਸ਼ੁਰੂ ਤੋਂ? ਠੇਕੇ ਦੀ ਨੌਕਰੀ ਤੋਂ? ਵਿਵਧ ਤੋਂ? ਨਕਲੀ ਪ੍ਰਤਿਭਾ ਦੁਆਰਾ? ਆਨਲਾਈਨ ਕਲਾਸਾਂ ਦਾ ਨਤੀਜਾ ਇਹ ਹੈ ਕਿ ਸਕੂਲੀ ਬੱਚੇ ਵੀ ਪਿਆਰ ਵਿੱਚ ਖੁਦਕੁਸ਼ੀ ਕਰ ਰਹੇ ਹਨ। ਲਿਵ ਇਨ 'ਚ ਕੋਈ ਨੁਕਸਾਨ ਨਹੀਂ ਹੈ ਪਰ ਬ੍ਰੇਕਅੱਪ ਤੋਂ ਬਾਅਦ ਪ੍ਰੇਮਿਕਾ 'ਤੇ ਹਿੰਸਾ, ਅਪਰਾਧ? ਸ਼ਰਾਬੀ? ਕੀ ਖੇਤੀ ਦਾ ਵਿਕਾਸ ਅਤੇ ਵਿਕਾਸ ਘੋਂ ਅਤੇ ਫਫਫ 'ਤੇ ਨਿਰਭਰ ਹੋਵ-ੇਗਾ?

ਸੱਤ ਲੱਖ ਦੀ ਆਮਦਨ ਹੋਣ ਤੱਕ ਇਨਕਮ ਟੈਕਸ ਨਹੀਂ ਦੇਣਾ ਪਵੇਗਾ।ਤੁਹਾਡਾ ਸਵਾਗਤ ਹੈ।ਜਨਤਾ ਅਮੀਰ ਹੋ ਗਈ ਹੈ। ਕਿੰਨੇ ਕਰੋੜ ਲੋਕਾਂ ਕੋਲ ਪੱਕੀ ਨੌਕਰੀਆਂ ਹਨ? ਜਿਨ੍ਹਾਂ ਦੀ ਆਮਦਨ 15 ਲੱਖ ਤੋਂ ਵੱਧ ਹੈ, ਉਨ੍ਹਾਂ ਨੂੰ ਸਿਰਫ਼ 30 ਫ਼ੀਸਦੀ ਟੈਕਸ ਦੇਣਾ ਪਵੇਗਾ। ਕੁਝ ਮਿ-ਲਿਆ? ਕੀ ਤੁਸੀਂ ਜੋਸ਼ੀਮੱਠ ਦੀ ਦੇਵੀ ਮਹਿਮਾ ਤੋਂ ਸੈਰ-ਸਪਾਟਾ ਵਿਕਾਸ ਦੀ ਮਹਿਮਾ ਨੂੰ ਨਹੀਂ ਸਮਝਿਆ? ਕਿੰਨੀ ਮਹਿੰਗਾਈ? ਬਜਟ ਘਾਟੇ ਦਾ ਕੀ ਹੋਇਆ? ਵਪਾਰ ਸੰਤੁਲਨ? ਵਿੱਤੀ ਨੁਕਸਾਨ? ਮਹਿੰਗਾਈ? ਪੀਪੀਪੀ ਮੈਡੀਕਲ ਕਾਲਜ ਅਤੇ ਨਰਸਿੰਗ ਹੋਮ ਤੋਂ ਕਿੰਨਾ ਸਸਤਾ, ਕਿੰਨਾ ਮੇਲ-ਮਿਲਾਪ ਹੋਵੇਗਾ ਇਲਾਜ? ਕੀ ਸਿੱਖਿਆ, ਊਰਜਾ, ਆਵਾਜਾਈ ਅਤੇ ਕਰਿਆਨੇ ਦਾ ਖਰਚਾ ਘਟੇਗਾ? ਇਨਫਰਾ ਵਿੱਚ ਨਿਵੇਸ਼ ਕਰਨ ਦਾ ਕੀ ਮਤਲਬ ਹੈ?

ਅਗਲੇ ਵਿੱਤੀ ਸਾਲ ਲਈ ਪੇਸ਼ ਕੀਤੇ ਬਜਟ ਵਿੱਚ ਮਨਰੇਗਾ ਵਰਗੀ ਲੋਕ ਭਲਾਈ ਅਤੇ ਬਹੁਤ ਹੀ ਅਭਿਲਾਸ਼ੀ ਯੋਜਨਾ ਦੇ ਬਜਟ ਵਿੱਚ 30,000 ਕਰੋੜ ਰੁਪਏ ਦੀ ਕਟੌਤੀ ਸਾਬਤ ਕਰਦੀ ਹੈ ਕਿ ਇਹ ਬਜਟ ਬੇਜ਼ਮੀਨੇ ਕਿਸਾਨਾਂ, ਗਰੀਬ ਮਜ਼ਦੂਰਾਂ ਅਤੇ ਪਛੜੇ ਵਰਗਾਂ ਦੇ ਹਿੱਤਾਂ ਦੇ ਵਿਰੁੱਧ ਹੈ। ਇਸੇ ਤਰ੍ਹਾਂ ਖੇਤੀਬਾੜੀ ਅਤੇ ਕਿਸਾਨ ਭਲਾਈ ਫੰਡ ਦੀ ਰਾਸ਼ੀ ਵਿੱਚ ਇਸ ਸਾਲ 7500 ਕਰੋੜ ਰੁਪਏ ਦੀ ਕਟੌਤੀ ਕੀਤੀ ਗਈ ਹੈ, ਨਾਲ ਹੀ ਕਿਸਾਨਾਂ ਨੂੰ ਸਭ ਤੋਂ ਵੱਧ ਲੋੜੀਂਦੇ ਯੂਰੀਆ ਦੇ ਬਜਟ ਵਿੱਚ ਇਸ ਸਾਲ ਦੇ ਮੁਕਾਬਲੇ 23000 ਕਰੋੜ ਰੁਪਏ ਦੀ ਕਟੌਤੀ ਕੀਤੀ ਗਈ ਹੈ।

ਰਿਸ਼ਤੇ ਵੀ ਉਮਰ ਦੇ ਹਿਸਾਬ ਨਾਲ ਬਣਦੇ

ਕੋਈ ਸਮਾਂ ਸੀ ਜਦੋਂ ਆਪਣੇ ਸਾਰੇ ਹੀ ਨਵੇਂ-ਪੁਰਾਣੇ ਰਿਸ਼ਤੇ ਬੜੇ ਪਿਆਰੇ ਲੱਗਦੇ ਸਨ ਘਰਾਂ 'ਚ ਆਪਸੀ ਪਰਿਵਾਰਕ ਸਾਂਝ ਹੁੰਦੀ ਸੀ ਘਰਾਂ 'ਚ ਕਿਸੇ ਤਰ੍ਹਾਂ ਦੇ ਕੋਈ ਵਖਰੇਂਵੇਂ ਨਹੀਂ ਸਨ ਸਗੋਂ ਇੱਤਫਾਕ ਅਤੇ ਪੱਕਾ ਵਿਸ਼ਵਾਸ ਹੁੰਦਾ ਸੀ ਜੋ ਕਈ ਕਈ ਪੀੜ੍ਹੀਆਂ ਤੱਕ ਪਰਿਵਾਰ ਨੂੰ ਮਾਲਾ ਦੇ ਮਣਕਿਆਂ ਵਾਂਗ ਪਰੋਈ ਰੱਖਦਾ ਸੀ ਤੇ ਇੱਕੋ ਛੱਤ ਥੱਲੇ ਪੀੜ੍ਹੀਆਂ ਬੱਧੀ ਵਸਾਈ ਰੱਖਦਾ ਸੀ

ਪਰਿਵਾਰ ਭਾਵੇਂ ਛੋਟੇ ਹੁੰਦੇ ਜਾਂ ਵੱਡੇ ਪਰ ਸਭਨਾਂ ਵਾਸਤੇ ਰਸੋਈ ਇਕੱਠੀ ਹੀ ਹੁੰਦੀ ਸੀ ਰਸੋਈ ਵਿੱਚ ਰਾਸ਼ਨ ਵੀ ਹਮੇਸ਼ਾ ਖੁੱਲ੍ਹੇ ਦਿਲ ਨਾਲ 'ਕੱਠਾ ਹੀ ਆਉਂਦਾ ਸੀ ਦਾਦਾ, ਦਾਦੀ, ਚਾਚੇ, ਚਾਚੀਆਂ, ਤਾਏ, ਤਾਈਆਂ ਦਾ ਪਰਿਵਾਰ ਵਿੱਚ ਇੱਕ-ਦੂਜੇ ਪ੍ਰਤੀ ਦਿਲੀ ਸਨੇਹ ਹੁੰਦਾ ਸੀ ਇਸ ਲਈ ਆਪਸ 'ਚ ਰਚੇ-ਮਿਚਿਆਂ ਨੂੰ ਪਤਾ ਹੀ ਨੀ ਲੱਗਦਾ ਸੀ ਕਿ ਪਰਿਵਾਰ ਵਿੱਚ ਬੱਚੇ ਰਲ ਮਿਲ ਕੇ ਕਿਵੇਂ ਪਲ਼ ਗਏ ਤੇ ਵੱਡੇ ਹੋ ਗਏ ਅਕਸਰ ਹੀ ਪਰਿਵਾਰਾਂ ਵਿੱਚ ਕਈ ਵਾਰ ਤਾਂ ਤਾਏ ਨੂੰ 'ਵੱਡਾ ਭਾਪਾ' ਕਹਿ ਕੇ ਵੀ ਸੰਬੋਧਨ ਕੀਤਾ ਜਾਂਦਾ ਸੀ (ਜੋ ਅੱਜ-ਕੱਲ੍ਹ ਸਿਰਫ਼ ਅੰਕਲ ਵਰਗੇ ਸ਼ਬਦ 'ਚ ਸਿਮਟ ਕੇ ਰਹਿ ਗਿਆ ਹੈ) ਬੱਚੇ ਅਕਸਰ ਉਨ੍ਹਾਂ ਦੀ ਝੋਲ ਮੰਨਦੇ ਹੋਏ ਕਿਸੇ ਤਰ੍ਹਾਂ ਦੀ ਸ਼ਰਾਰਤਬਾਜ਼ੀ ਕਰਨ ਤੋਂ ਗੁਰੇਜ਼ ਕਰਦੇ ਸਨ ਤੇ ਉਨ੍ਹਾਂ ਦੇ ਕਹੇ-ਸੁਣੇ ਦਾ ਕਿਸੇ ਕਿਸਮ ਦਾ ਕੋਈ ਗੁੱਸਾ ਵੀ ਨਹੀਂ ਕਰਦੇ ਸਨ ਸਗੋਂ ਆਪਸੀ ਪਿਆਰ ਸਦਕਾ ਸਾਰੇ ਮਿਠਾਸ ਭਰੀਆਂ ਮੋਹ ਦੀਆਂ ਤੰਦਾਂ ਦੇ ਬੰਧਨ 'ਚ ਬੱਝੇ ਹੋਏ ਸਨ।

ਦਾਦਾ-ਦਾਦੀ, ਚਾਚੇ,ਤਾਏ, ਭੂਆ ਅਤੇ ਮਾਂ ਸਮਾਨ ਮਾਸੀਆਂ ਵੱਲੋਂ ਦਿੱਤੀਆਂ ਝਿੜਕਾਂ 'ਚੋਂ ਸੱਚਾ ਪਿਆਰ ਝਲਕਦਾ ਸੀ ਤਾਂ ਹੀ ਤਾਂ ਉਨ੍ਹਾਂ ਵੱਲੋਂ ਦਿੱਤੀਆਂ ਝਿੜਕਾਂ ਨੂੰ ਵੀ ਦਿਲੋਂ ਸਤਿਕਾਰ ਮਿਲਦਾ ਸੀ ਘਰਾਂ ਅੰਦਰ ਸਿਆਣੇ ਬਜ਼ੁਰਗਾਂ ਵੱਲੋਂ ਲਏ ਗਏ ਫੈਸਲੇ ਅਤੇ ਵਿੱਢੇ ਕੰਮਾਂ ਨੂੰ ਖਿੜੇ ਮੱਥੇ ਮੰਨਦੇ ਤੇ ਉਨ੍ਹਾਂ ਦੀਆਂ ਭਾਵਨਾਵਾਂ ਦੀ ਕਦਰ ਕਰਦੇ ਹੋਏ ਨੇਪਰੇ ਚੜ੍ਹਾ ਦਿੱਤੇ ਜਾਂਦੇ ਸੀ।

ਬਿਨਾਂ ਕਿਸੇ ਸਵਾਰਥ ਤੋਂ ਆਪਣੇ ਪਰਿਵਾਰ 'ਚ ਇੱਕ-ਦੂਜੇ ਤੋਂ ਵਧ ਕੇ ਕੰਮ ਕਾਰ ਨਿਪਟਾਉਣੇ ਤੇ ਸਭਨਾਂ ਲਈ ਰਲ-ਮਿਲ ਕੇ ਪਰਿਵਾਰਕ ਗੱਲਬਾਤ ਸਾਂਝੀ ਕਰਨ ਦਾ ਇੱਕ ਵੱਖਰਾ ਸਲੀਕਾ ਹੁੰਦਾ ਸੀ ਕੋਈ ਮੇਰ ਤੇਰ ਵਾਲੀ ਗੱਲ ਨਹੀਂ ਸੀ ਸਗੋਂ ਸਹਿਣਸ਼ੀਲਤਾ ਹੁੰਦੀ ਸੀ ਜਿਵੇਂ ਸਫ਼ਰ ਦਾ ਆਨੰਦ ਮਾਨਣ ਲਈ ਸਾਮਾਨ ਦਾ ਨਾਲ ਘੱਟੋ-ਘੱਟ ਹੋਣਾ ਜ਼ਰੂਰੀ ਹੈ ਉਸੇ ਤਰ੍ਹਾਂ ਹੀ ਮਹਿਕ ਭਰੇ ਰਿਸ਼ਤਿਆਂ ਦੇ ਆਨੰਦ ਨੂੰ ਮਾਨਣ ਲਈ ਵੀ ਆਪਸੀ ਸ਼ਿਕਵੇ ਸ਼ਿਕਾਇਤਾਂ ਦਾ ਘੱਟ ਹੋਣਾ ਬਹੁਤ ਜ਼ਰੂਰੀ ਹੈ ਕਿਉਂਕਿ ਜਿੰਨੇ ਗਿਲੇ-ਸ਼ਿਕਵੇ ਘੱਟ ਹੋਣਗੇ ਓਨੀ ਹੀ ਰਿਸ਼ਤਿਆਂ 'ਚੋਂ ਮਿਠਾਸ ਭਰੀ ਮਹਿਕ ਜ਼ਿਆਦਾ ਆਵੇਗੀ ਜਿੱਥੇ ਦਿਲਾਂ 'ਚ ਬੇਲੋੜੀਆਂ ਪਾਲੀਆਂ ਹੋਈਆਂ ਨਫ਼ਰਤਾਂ ਰਿਸ਼ਤਿਆਂ 'ਚ ਕੁੜੱਤਣ ਪੈਦਾ ਕਰ ਦਿੰਦੀਆਂ ਹਨ ਉਥੇ ਹੀ ਨਾਲੋ -ਨਾਲ ਨਿੱਕੀਆਂ-ਨਿੱਕੀਆਂ ਗੱਲਾਂ ਦੇ ਗੁੱਸੇ-ਗਿਲੇ ਦਿਲ ਵਿੱਚ ਰੱਖਣ ਨਾਲ ਵੱਡੇ -ਵੱਡੇ ਤੇ ਨੇੜਤਾ ਵਾਲੇ ਰਿਸ਼ਤੇ ਵੀ ਕੱਚ ਵਾਂਗ ਤਿੜਕ ਜਾਂਦੇ ਹਨ।

ਮਹਿਕ ਭਰੇ ਰਿਸ਼ਤਿਆਂ ਨੂੰ ਨਿਭਾਉਣ ਲਈ ਸਾਡੇ ਅੰਦਰ ਆਤਮ ਵਿਸ਼ਵਾਸ ਦਾ ਹੋਣਾ ਬਹੁਤ ਹੀ ਲਾਜ਼ਮੀ ਹੈ ਜਿੱਥੇ ਦਿਲ ਵਿੱਚ ਵਸੇ ਪੱਕੇ ਵਿਚਾਰ ਹੀ ਵਿਸ਼ਵਾਸ ਦੇ ਧਨੀ ਹੁੰਦੇ ਹਨ ਉਥੇ ਹੀ ਨਿਰਸਵਾਰਥਤਾ ਦਾ ਹੋਣਾ ਵੀ ਬਹੁਤ ਜ਼ਰੂਰੀ ਹੈ ਕਿਉਂਕਿ ਸਵਾਰਥ ਖਾਤਰ ਤਾਂ ਹਰ ਦੂਰ-ਦੁਰੇਡੇ ਦਾ ਰਿਸ਼ਤਾ ਵੀ ਮਹਿਕ ਖਿਲਾਰਦਾ ਨਜ਼ਰ ਆਵੇਗਾ ਮਹਿਕ ਭਰੇ ਰਿਸ਼ਤਿਆਂ ਨੂੰ ਧੁਰ ਅੰਦਰ ਦਿਲ ਤੋਂ ਨਿਭਾਉਣ ਲਈ ਸਵਾਰਥ ਦਾ ਤਿਆਗ ਕਰਕੇ ਰਿਸ਼ਤਿਆਂ ਨੂੰ ਨਿਭਾਉਣਾ ਹੀ ਦਰਿਆਦਿਲੀ ਦੀ ਮਿਸਾਲ ਹੈ ਜਦੋਂ ਸਾਡੇ ਦਿਲ ਨੇ ਇਹ ਹਾਮੀ ਭਰ ਦਿੱਤੀ ਕਿ ਉਹ ਬਿਨਾਂ ਕਿਸੇ ਸਵਾਰਥ ਦੇ ਰਿਸ਼ਤੇ ਨਿਭਾਉਣ ਦੀ ਕਾਬਲੀਅਤ ਰੱਖਦਾ ਹੈ ਫਿਰ ਹੀ ਇਨ੍ਹਾਂ ਰਿਸ਼ਤਿਆਂ 'ਚੋਂ ਪਿਆਰ ਭਰੀ ਸੁਗੰਧ ਆਵੇਗੀ ਜਿਸ ਦੀ ਮਹਿਕ ਦੂਰ-ਦੂਰ ਤੱਕ ਬਿਖਰੇਗੀ ਜਿਵੇਂ ਵੱਖ-ਵੱਖ ਮੌਸਮਾਂ 'ਚ ਵੱਖ-ਵੱਖ ਤਰ੍ਹਾਂ ਦੇ ਫੁੱਲ ਖਿੜਦੇ ਹਨ।

ਉਸੇ ਤਰ੍ਹਾਂ ਹੀ ਸਾਡੇ ਰਿਸ਼ਤੇ ਵੀ ਉਮਰ ਦੇ ਹਿਸਾਬ ਨਾਲ ਬਣਦੇ ਤੇ ਜੁੜਦੇ ਹਨ ਬੇਸ਼ੱਕ ਇਨਸਾਨ ਅਜੋਕੇ ਸਮੇਂ ਸਿਰਫ਼ ਬੁੱਲਾਂ 'ਤੇ ਫੋਕੀ ਜਿਹੀ ਮੁਸਕਾਨ ਦੇ ਵਿਖਾਵੇ ਕਰਕੇ ਮੋਬਾਇਲ ਫੋਨਾਂ ਦੇ ਜ਼ਰੀਏ ਹੀ ਦੁੱਖ-ਸੁੱਖ ਦੇ ਸਾਂਝੀ ਬਣ ਕੇ ਉਪਰੋਂ-ਉਪਰੋਂ ਹੀ ਰਿਸ਼ਤਿਆਂ 'ਚੋਂ ਮਹਿਕ ਲੱਭਣ ਦੀ ਕੋਸ਼ਿਸ਼ ਕਰ ਰਿਹਾ ਹੈ ਪ੍ਰੰਤੂ ਅੰਦਰੂਨੀ ਤੌਰ 'ਤੇ ਕਿਸੇ 'ਤੇ ਕੋਈ ਬਹੁਤਾ ਖੁਸ਼ ਨਹੀਂ ਹਰ ਕੋਈ ਆਪਣੀਆਂ ਖੁਹਾਇਸ਼ਾਂ ਪ

ਅਡਾਨੀ ਸਮੂਹ ਨੇ ਪੂਰੀ ਤਰ੍ਹਾਂ ਸਬਸਕ੍ਰਾਈਬਡ ਐੱਫਪੀਓ ਵਾਪਸ ਲਿਆ, ਨਿਵੇਸ਼ਕਾਂ ਦੇ ਪੈਸੇ ਕਰੇਗਾ ਵਾਪਸ

ਨਵੀਂ ਦਿੱਲੀ, 1 ਫਰਵਰੀ (ਪੋਸਟ ਬਿਊਰੋ) - ਅਡਾਨੀ ਐਂਟਰਪ੍ਰਾਈਜਿਜ਼ ਲਿਮਟਿਡ ਨੇ ਪੂਰੀ ਤਰ੍ਹਾਂ ਸਬਸਕ੍ਰਾਈਬ ਹੋਣ ਤੋਂ ਬਾਅਦ ਇੱਕ ਦਿਨ ਵਿੱਚ 20,000 ਕਰੋੜ ਰੁਪਏ ਦਾ ਐਫਪੀਓ(ਫਾਲੋ ਆਨ ਪਬਲਿਕ ਆਫਰ) ਵਾਪਸ ਲੈ ਲਿਆ ਹੈ। ਕੰਪਨੀ ਨੇ ਇਕ ਬਿਆਨ 'ਚ ਇਹ ਜਾਣਕਾਰੀ ਦਿੱਤੀ। ਕੰਪਨੀ ਨੇ ਇੱਕ ਬਿਆਨ ਵਿੱਚ ਕਿਹਾ, "ਬਾਜ਼ਾਰ ਵਿੱਚ ਅਸਥਿਰਤਾ ਨੂੰ ਧਿਆਨ ਵਿੱਚ ਰੱਖਦੇ ਹੋਏ, ਉਸਨੇ ਫਾਲੋ ਆਨ ਪਬਲਿਕ ਆਫਰ ਨੂੰ ਵਾਪਸ ਲੈ ਲਿਆ ਹੈ ਅਤੇ ਨਿਵੇਸ਼ਕਾਂ ਦਾ ਪੈਸਾ ਵਾਪਸ ਕਰ ਦੇਵੇਗਾ।"

ਅਡਾਨੀ ਐਂਟਰਪ੍ਰਾਈਜਿਜ਼ ਦੇ ਚੇਅਰਮੈਨ ਗੌਤਮ ਅਡਾਨੀ ਨੇ ਬਿਆਨ ਵਿੱਚ ਕਿਹਾ, "ਅੱਜ ਬਾਜ਼ਾਰ ਅਨੁਮਾਨ ਤੋਂ ਬਾਹਰ ਰਿਹਾ ਹੈ ਅਤੇ ਸਾਡੇ ਸਟਾਕ ਦੀ ਕੀਮਤ ਦਿਨ ਭਰ ਅਸਥਿਰ ਰਹੀ ਹੈ। ਇਹਨਾਂ ਅਸਧਾਰਨ ਹਾਲਤਾਂ ਵਿੱਚ, ਕੰਪਨੀ ਦੇ ਬੋਰਡ ਨੇ ਮਹਿਸੂਸ ਕੀਤਾ ਕਿ ਅੱਗੇ ਵਧਣਾ ਨੈਤਿਕ ਤੌਰ 'ਤੇ ਸਹੀ ਨਹੀਂ ਹੋਵੇਗਾ। ਕੰਪਨੀ ਲਈ ਨਿਵੇਸ਼ਕਾਂ ਦਾ ਹਿਤ ਸਭ ਤੋਂ ਵੱਡੀ ਗੱਲ ਹੈ, ਇਸ ਲਈ, ਉਹਨਾਂ ਨੂੰ ਕਿਸੇ ਵੀ ਸੰਭਾਵੀ ਨੁਕਸਾਨ ਤੋਂ ਬਚਾਉਣ ਲਈ, ਬੋਰਡ ਨੇ ਐਫਪੀਉ ਨਾਲ ਅੱਗੇ ਨਾ ਜਾਣ ਦਾ ਫੈਸਲਾ ਕੀਤਾ ਹੈ।"

ਕੰਪਨੀ ਨੇ ਕਿਹਾ ਕਿ ਇਸ ਫੈਸਲੇ ਨਾਲ ਉਸ ਦੀਆਂ ਭਵਿੱਖ ਦੀਆਂ ਯੋਜਨਾਵਾਂ 'ਤੇ ਕੋਈ ਅਸਰ ਨਹੀਂ ਪਵੇਗਾ। ਕੰਪਨੀ ਨੇ ਕਿਹਾ ਕਿ ਸਾਡੀ ਬੈਲੇਂਸ ਸ਼ੀਟ ਬਹੁਤ ਚੰਗੀ ਹਾਲਤ 'ਚ ਹੈ ਅਤੇ ਕਰਜ਼ੇ ਦੀ ਮੁੜ ਅਦਾਇਗੀ ਦੇ ਮਾਮਲੇ 'ਚ ਸਾਡਾ ਟਰੈਕ ਰਿਕਾਰਡ ਬੇਮਿਸਾਲ ਰਿਹਾ ਹੈ। ਗੌਤਮ ਅਡਾਨੀ ਨੇ ਐਫਪੀਉ ਪ੍ਰਤੀ ਆਪਣਾ ਸਮਰਥਨ ਦਿਖਾਉਣ ਲਈ ਨਿਵੇਸ਼ਕਾਂ ਦਾ ਧੰਨਵਾਦ ਕੀਤਾ ਹੈ ਕਿਉਂਕਿ ਸਬਸਕ੍ਰਿਪਸ਼ਨ ਮੰਗਲਵਾਰ ਨੂੰ ਸਫਲਤਾਪੂਰਵਕ ਬੰਦ ਹੋ ਗਈ ਸੀ। ਉਨ੍ਹਾਂ ਕਿਹਾ ਕਿ ਪਿਛਲੇ ਹਫ਼ਤੇ ਸਟਾਕ ਵਿੱਚ ਉਤਰਾਅ-ਚੜ੍ਹਾਅ ਦੇ ਬਾਵਜੂਦ, ਕੰਪਨੀ ਵਿੱਚ ਤੁਹਾਡਾ ਭਰੋਸਾ ਭਰੋਸੇਮੰਦ ਹੈ।

ਵਾਅਨ ਮਿਲਜ਼ ਮਾਲ ਵਿੱਚ ਡਾਕਾ ਮਾਰਨ ਵਾਲਿਆਂ ਦੀ ਪੁਲਿਸ ਕਰ ਰਹੀ ਹੈ ਭਾਲ

ਵਾਅਨ, 1 ਫਰਵਰੀ (ਪੋਸਟ ਬਿਊਰੋ) : ਯੌਰਕ ਰੀਜਨਲ ਪੁਲਿਸ ਵਾਅਨ ਮਿਲਜ਼ ਮਾਲ ਵਿੱਚ ਡਾਕਾ ਮਾਰਨ ਦੀ ਹੋਈ ਕੋਸ਼ਿਸ਼ ਦੇ ਮਾਮਲੇ ਦੀ ਜਾਂਚ ਕਰ ਰਹੀ ਹੈ।

ਪੁਲਿਸ ਨੇ ਦੱਸਿਆ ਕਿ ਕੁੱਝ ਚੋਰਾਂ ਨੇ ਬੁੱਧਵਾਰ ਰਾਤ ਨੂੰ 1:00 ਵਜੇ ਇੱਕ ਗੱਡੀ ਵਾਅਨ ਮਿੱਲਜ਼ ਦੇ ਕੱਚ ਦੇ ਦਰਵਾਜ਼ੇ ਵਿੱਚ ਦੇ ਮਾਰੀ ਤੇ ਫਿਰ ਸਟੋਰ ਵਿੱਚ ਦਾਖਲ ਹੋ ਕੇ ਡਾਕਾ ਮਾਰਿਆ। ਮਸ਼ਕੂਕਾਂ ਵੱਲੋਂ ਰੁਦਰਫੋਰਡ ਰੋਡ ਤੇ ਹਾਈਵੇਅ 400 ਨੇੜੇ ਸਥਿਤ ਇਸ ਸ਼ਾਪਿੰਗ ਸੈਂਟਰ ਦੇ ਕੱਚ ਦੇ ਦਰਵਾਜ਼ੇ ਤੋੜ ਦਿੱਤੇ ਗਏ। ਡਾਕਾ ਮਾਰਨ ਤੋਂ ਬਾਅਦ ਇੱਕ ਵਾਰੀ ਫਿਰ ਚੋਰਾਂ ਨੇ ਸਟੋਰ ਦੇ ਦੂਜੇ ਕੱਚ ਦੇ ਦਰਵਾਜ਼ੇ ਤੋੜ ਕੇ ਆਪਣੇ ਜਾਣ ਲਈ ਰਾਹ ਬਣਾਇਆ।

ਇਸ ਦੌਰਾਨ ਕਿਸੇ ਦੇ ਜ਼ਖ਼ਮੀ ਹੋਣ ਦੀ ਕੋਈ ਖਬਰ ਨਹੀਂ ਹੈ। ਪੁਲਿਸ ਦਾ ਕਹਿਣਾ ਹੈ ਕਿ ਉਹ ਕਾਲੇ ਰੰਗ ਦੀ ਕਾਰ ਦੀ ਭਾਲ ਕਰ ਰਹੇ ਹਨ, ਜਿਸ ਦਾ ਸਾਹਮਣੇ ਵਾਲਾ ਹਿੱਸਾ ਨੁਕਸਾਨਿਆ ਗਿਆ ਹੋਵੇਗਾ। ਅਜੇ ਤੱਕ ਕਿਸੇ ਮਸ਼ਕੂਕ ਬਾਰੇ ਕੋਈ ਜਾਣਕਾਰੀ ਜਾਰੀ ਨਹੀਂ ਕੀਤੀ ਗਈ। ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ ਤੇ ਮਾਲ ਵਿੱਚ ਪੁਲਿਸ ਵੱਡੀ ਗਿਣਤੀ ਵਿੱਚ ਮੌਜੂਦ ਹੈ।

ਜਲੰਧਰ ਦੀ ਬੇਟੀ ਇਟਾਲੀਅਨ ਨੇਵੀ ਵਿਚ ਹੋਈ ਭਰਤੀ

ਜਲੰਧਰ, 1 ਫਰਵਰੀ (ਪੋਸਟ ਬਿਊਰੋ): ਇਟਲੀ ਦੇ ਵਿਚੈਂਸਾ ਨੇੜਲੇ ਸ਼ਹਿਰ ਕਿਆਂਪੋ ਵਿਖੇ ਰਹਿੰਦੇ ਇਕ ਪੰਜਾਬੀ ਪਰਿਵਾਰ ਦੀ ਹੋਣਹਾਰ ਧੀ ਮਨਰੂਪ ਕੌਰ ਨੇ ਇਟਾਲੀਅਨ ਨੇਵੀ ਵਿੱਚ ਭਰਤੀ ਹੋ ਕੇ ਮਾਪਿਆਂ ਦੇ ਨਾਲ-ਨਾਲ ਪੂਰੇ ਭਾਰਤ ਦਾ ਨਾਂ ਚਮਕਾਇਆ ਹੈ। ਮਨਰੂਪ ਕੌਰ ਜਲੰਧਰ ਜ਼ਿਲ੍ਹੇ ਦੇ ਭੰਗਾਲਾ ਪਿੰਡ ਨਾਲ ਸਬੰਧ ਰੱਖਦੀ ਹੈ। ਪਿਤਾ ਭੁਪਿੰਦਰ ਸਿੰਘ ਅਤੇ ਮਾਤਾ ਜਸਵਿੰਦਰ ਕੌਰ ਦੀ ਧੀ ਮਨਰੂਪ ਕੌਰ ਨੇ ਇਟਾਲੀਅਨ ਜਲ ਸੈਨਾ ਵਿੱਚ ਭਰਤੀ ਹੋਣ ਦੇ ਮੰਤਵ ਦੇ ਨਾਲ ਪਿਛਲੇ ਸਾਲ ਇਟਲੀ ਦੇ ਡਿਫੈਂਸ ਮੰਤਰਾਲਾ ਵੱਲੋਂ ਜਾਰੀ ਜਲ ਸੈਨਿਕਾਂ ਦੀਆਂ ਅਸਾਮੀਆਂ ਲਈ ਅਪਲਾਈ ਕੀਤਾ ਸੀ।

ਪ੍ਰੀਖਿਆ ਦੌਰਾਨ ਉਸ ਨੇ ਅਨੇਕਾਂ ਕਠਿਨ ਸਵਾਲਾਂ ਦੇ ਜਵਾਬ ਦਿੰਦੇ ਹੋਏ ਲਿਖਤੀ ਪ੍ਰੀਖਿਆ ਵਿੱਚੋਂ 82 ਫ਼ੀਸਦੀ ਅੰਕ ਹਾਸਲ ਕਰਕੇ ਪਹਿਲੇ ਦਾਅਵੇਦਾਰਾਂ ਵਿੱਚ ਥਾਂ ਬਣਾਈ। ਇਸ ਉਪਰੰਤ ਮਨਰੂਪ ਕੌਰ ਨੇ ਆਪਣੇ ਰੋਜ਼ਾਨਾ ਅਭਿਆਸ ਦੀ ਬਦੌਲਤ ਫਿਜ਼ੀਕਲ ਪ੍ਰੀਖਿਆ ਵਿੱਚ ਵੀ ਸਾਰੇ ਟਰਾਇਲਾਂ ਨੂੰ ਬਾਖੂਬੀ ਪਾਰ ਕਰਦਿਆਂ ਇਟਾਲੀਅਨ ਜਲ ਸੈਨਿਕ ਬਣਨ ਦੇ ਆਪਣੇ ਸੁਫ਼ਨੇ ਨੂੰ ਵਾਸਤਵਿਕ ਰੂਪ ਵਿੱਚ ਸਾਕਾਰ ਕੀਤਾ। ਇਟਲੀ ਦੇ ਸਰਦੇਨੀਆ ਰਾਜ ਵਿੱਚ ਸਥਿਤ ਇਟਾਲੀਅਨ ਨੇਵੀ ਦੇ ਮਾਦੇਲੇਨਾ ਕੋਚਿੰਗ ਸੈਂਟਰ ਤੋਂ 5 ਹਫ਼ਤਿਆਂ ਦੀ ਬਕਾਇਦਾ ਸਿਖਲਾਈ ਲੈਣ ਉਪਰੰਤ ਹੁਣ ਮਨਰੂਪ ਕੌਰ ਮੋਨਫਲਕੋਨੇ (ਗੋਰੀਸੀਆ) ਵਿਖੇ ਇਟਾਲੀਅਨ ਜਲ ਸੈਨਾ ਦਾ ਹਿੱਸਾ ਬਣ ਕੇ ਆਪਣੀਆਂ ਸੇਵਾਵਾਂ ਪ੍ਰਦਾਨ ਕਰ ਰਹੀ ਹੈ।

ਪੰਜਾਬ ਦੇ ਜ਼ਿਲ੍ਹਾ ਜਲੰਧਰ ਵਿਖੇ ਉਨ੍ਹਾਂ ਦੇ ਜੱਦੀ ਪਿੰਡ ਭੰਗਾਲਾ ਵਿਖੇ ਰਹਿ ਰਹੇ ਪਰਿਵਾਰਕ ਮੈਂਬਰਾਂ ਅਤੇ ਪਿੰਡ ਵਾਸੀਆਂ ਵਿੱਚ ਖੁਸ਼ੀ ਦਾ ਮਾਹੌਲ ਦੇਖਣ ਨੂੰ ਮਿ ਲਿਆ। ਮਨਰੂਪ ਕੌਰ ਦੀ ਦਾਦੀ ਬਲਵੀਰ ਕੌਰ ਅਤੇ ਤਾਈਂ ਰਵਿੰਦਰ ਕੌਰ ਨੇ ਕਿਹਾ ਕਿ ਉਨ੍ਹਾਂ ਦੀ ਧੀ ਨੇ ਸਾਡੇ ਪਰਿਵਾਰ ਦਾ ਨਾਮ ਪੂਰੀ ਦੁਨੀਆਂ ਵਿੱਚ ਮਸ਼ਹੂਰ ਕੀਤਾ ਹੈ। ਮਨਰੂਪ ਕੌਰ ਤੀਸਰੀ ਜਮਾਤ ਵਿੱਚ ਪੜ੍ਹਦੀ ਸੀ ਜਦੋਂ ਉਹ ਆਪਣੇ ਭਰਾ ਪ੍ਰਿਤਪਾਲ ਸਿੰਘ ਸਮੇਤ ਪਰਿਵਾਰ ਇਟਲੀ ਚਲੀ ਗਈ ਸੀ। ਜਿੱਥੇ ਉਸਨੇ ਆਪਣੀ ਪੜ੍ਹਾਈ ਮੁਕੰਮਲ ਕਰਕੇ ਇਟਲੀ ਪੁਲਿਸ ਵਿਚ ਨੌਕਰੀ ਪ੍ਰਾਪਤ ਕੀਤੀ।

NEED A LAWYER ??
KAUR LAW OFFICE
Red Seal NOTARY

MANJEET KAUR
LL.B., (London UK)
Barrister, Solicitor & Notary Public

REAL ESTATE LAWYER
- Residential & Commercial
- Sale/Purchase of House
- Mortgage & Refinancing
- Drafting/Reviewing Agreements
- Title Transfer
- 2nd Mortgage

IMMIGRATION
- Skilled Worker Category
- Spousal & Family Sponsorship
- Student Permits Visa & Renewals
- PR Renewal/ Citizenship Application

FAMILY LAWYER
- Child & Spousal support
- Custody & Access
- Divorce
- Equalization

BUSINESS LAW
- Incorporation & Shareholder agreements
- Sales & Purchase of Assets & Shares
- Notarization & Affidavits

WILLS & ESTATE
- Wills
- Certificate of Estate Trustee with/without Will
- Power of attorney for Property & Personal Care

Tel : 905-454-0099
Fax: 905-454-2234
2575 Steeles Ave. E., Unit 1,Brampton, ON L6T 5T1

ਫੀਮੇਲ ਹਾਊਸਕੀਪਰ ਦੀ ਲੋੜ

ਮਾਰਖਮ ਹਾਊਸ, ਜਿਸ ਵਿਚ ਕ੍ਰਿਸ਼ਨਾ ਮੰਦਰ ਹੈ, ਲਈ ਫੁਲ ਟਾਈਮ ਲਿਵ ਇਨ ਫੀਮੇਲ ਹਾਊਸਕੀਪਰ ਦੀ ਲੋੜ ਹੈ। ਘਰ ਪੂਰੀ ਤਰ੍ਹਾਂ ਸ਼ਾਕਾਹਾਰੀ ਹੈ, ਇੱਥੋਂ ਤੱਕ ਕਿ ਪਿਆਜ ਅਤੇ ਲਹਿਸਣ ਦੀ ਵਰਤੋਂ ਦੀ ਵੀ ਆਗਿਆ ਨਹੀਂ ਹੈ। ਕੰਮ ਦੇ ਵਿਚ ਖਾਣਾ ਬਣਾਉਣਾ, ਸਾਫ-ਸਫਾਈ ਅਤੇ ਸਾਰੇ ਘਰ ਦੀ ਵਧੀਆ ਤਰੀਕੇ ਨਾਲ ਸੰਭਾਲ ਕਰਨੀ ਸ਼ਾਮਲ ਹਨ। ਹਾਊਸਕੀਪਰ ਨੂੰ ਘਰ ਦੇ ਮੈਂਬਰ ਵਾਂਗ ਰੱਖਿਆ ਜਾਵੇਗਾ। ਚਾਹਵਾਨ ਕ੍ਰਿਪਾ ਕਰਕੇ vbsharma@vbsharma.ca ਉਤੇ ਅਪਲਾਈ ਕਰਨ। ਫੋਨ ਨੰਬਰ 416-292-4431 ext. 224 ਉਤੇ 3 ਵਜੇ ਤੋਂ ਬਾਅਦ ਸੰਪਰਕ ਕਰ ਸਕਦੇ ਹਨ।

ਕੈਨੇਡੀਅਨ ਪੰਜਾਬੀ ਪੋਸਟ
Award winning news paper | Canadian Punjabi Post
CLASSIFIEDS
Starting at just $10
ਕਿਸੇ ਵੀ ਤਰ੍ਹਾਂ ਦੀ ਐਡ ਦੇਣ ਲਈ
ਕਾਲ ਕਰੋ: 905-793-2202

Matrimonial
ਰਿਸ਼ਤੇ ਹੀ ਰਿਸ਼ਤੇ
Starting at just $10
ਵਿਆਹ ਸ਼ਾਦੀ ਦਾ ਇਸ਼ਤਿਹਾਰ ਦੇਣ ਲਈ
ਕਾਲ ਕਰੋ: 905-793-2202

ਲੜਕੀ ਦੀ ਲੋੜ

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ। ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ। ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com

ਸਿੱਖ ਅਰੋੜਾ ਲੜਕਾ, ਇਸ ਸਮੇਂ ਵਿਜ਼ਿਟਰ ਵੀਜ਼ੇ 'ਤੇ ਕੈਨੇਡਾ ਵਿਚ, ਯੋਗ ਕੰਨਿਆ ਦੀ ਜ਼ਰੂਰਤ ਹੈ। ਲੜਕੇ ਦੀ ਭੈਣ ਕੈਨੇਡਾ ਦੀ ਪੀ.ਆਰ. ਹੈ। ਪੰਜਾਬ ਵਿਚ ਚੰਗੀ ਜ਼ਮੀਨ ਅਤੇ ਬਿਜ਼ਨਸ ਹੈ। ਪਹਿਲੀ ਪਤਨੀ ਦੀ ਮੌਤ ਹੋ ਚੁੱਕੀ ਹੈ ਅਤੇ ਉਸ ਦਾ ਦੋ ਸਾਲ ਦਾ ਬੇਟਾ ਵੀ ਹੈ। ਜਾਤੀ ਬੰਧਨ ਨਹੀਂ। ਲੜਕੀ ਕੈਨੇਡਾ ਦੀ ਪੀ.ਆਰ. ਜਾਂ ਸਿਟੀਜਨ ਹੋਵੇ। ਸੰਪਰਕ: 647-625-5706

Well settled Punjabi Arora family seeks match for their PR son 34 years old, 6 feet tall, M.Com LLB, never smoking, never drinking, vegetarian, legally divorced after very short marriage, no relationship. Boy is almost unmarried. He is working as an officer in Leading Canadian Bank. Seeks educated family oriented girl from families in Canada/USA or new immigrant, PR, student or on work permit. Girl with very short marriage or never married will be preferred. Parents please send Bio-data and photo. Whatsapp or call at +1 9734209701, 437-770-3644 or email at ssjuneja@gmail.com.

You can Place Your Business Here To Reach Wider Audience
(905)793-2202
For more info Call 905-793-2202 or e-mail ads@punjabipost.ca

ਲੜਕੀ ਦੀ ਲੋੜ

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5'9", ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ। ਸੰਪਰਕ: 437-223-2664

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5'11'', B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeep-kaurthind9@gmail.com.

Beautiful match, below 35yrs, for smart JatSikh boy, Canada PR, 39/5-11" BE/MBA, Highly paid job, R/U property in Canada/India, issueless divorcee, caste no bar, respond only with pics & details. **Whatsapp +16474968844 Email : matchjatt2018@gmail.com**

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਅੱਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5"8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013

ਜੱਟ ਸਿੱਖ ਲੜਕਾ ਉਮਰ 35 ਸਾਲ ਕੱਦ 5'11" ਕਨੇਡੀਅਨ ਜਮ-ਪਲ, ਗੌਰਮਿੰਟ ਨੌਕਰੀ ਕਰਦਾ ਹੈ, ਦੇ ਵਾਸਤੇ ਲੜਕੀ ਦੀ ਲੋੜ ਹੈ। ਲੜਕੀ ਸਿੱਖ ਪਰਵਾਰ ਦੀ ਹੋਵੇ ਕੋਈ ਜਾਤ ਪਾਤ ਨਹੀਂ, ਲੜਕੀ ਪੀਆਰ ਜਾਂ ਸਟੂਡੈਂਟ ਹੋਵੇ ਤਾਂ ਵੀ ਵਿਚਾਰ ਕੀਤੀ ਜਾ ਸਕਦੀ ਹੈ। ਵਧੇਰੇ ਜਾਣਕਾਰੀ ਲਈ ਸੰਪਰਕ ਕਰੋ: (647)297-6661

ਲੜਕੇ ਦੀ ਲੋੜ

Age -35 years, Height-5.4, Caste-Jatt Sikh, Mother - Retired Principal from Government School, 1 brother - Sarpanch of Village, Father - Expired, Education - Marketing, Master of Business administration, Food Media., Status in Canada - Permanent resident. Right now, living in Etobicoke, Girl is never married. Want clean shave boy and Jatt Sikh only. Phone No - (437) 332-8422

Need suitable match for 58 years old Hindu (Khatri) lady (Non Manglik), Height 5'3". Seeking a trustworthy man upto 65 years. Contact :- 647-323-5428.

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5'4" tall, has a bachelor's degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

Seeking a suitable match for Canadian citizen Ramdasia Sikh (GNM). Born August 1987 and height 5'1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090, ਈਮੇਲ- Singhmanmohan2006@gmail.com

ਲੜਕੇ ਦੀ ਲੋੜ

ਜੱਟ ਸਿੱਖ 1996/5'-3", ਇੰਟਰਨੈਸ਼ਨਲ ਬਿਜ਼ਨੈੱਸ ਮੈਨੇਜਮੈਂਟ (ਕੈਨੇਡਾ ਪੀ-ਆਰ) ਲੜਕੀ ਲਈ ਕੈਨੇਡਾ ਪੀਆਰ/ਨਾਨ-ਪੀਆਰ ਲੜਕਾ ਚਾਹੀਦਾ ਹੈ। ਮਾਲਵੇ ਨੂੰ ਤਰਜੀਹ। ਸੰਪਰਕ:9478403300

ਕੈਨੇਡਾ ਪੀ ਆਰ ਲੜਕੀ ਨਾਈ ਸਿੱਖ /ਲੱਖਣਪਾਲ ਲਈ ਸ਼ੁਧ ਵੈਸ਼ਨੂੰ ਵਰ ਦੀ ਲੋੜ। ਤਰਜੀਹ ਕੈਨੇਡਾ। ਜਨਮ 13/12/1991, ਕੱਦ 5'7", ਭਾਰਤ ਤੋਂ M.Com ਅਤੇ ਕੈਨੇਡਾ ਤੋ ਪੋਸਟ ਗਰੈਡ ਡਿਪਲੋਮਾ HRM ਇੱਕ ਭੈਣ ਤੇ ਇੱਕ ਭਰਾ ਵਿਆਹੇ ਦੋਵੇ ਕੈਨੇਡਾ PR ਫੋਨ +12049148700 +919569557850

ਜੱਟ ਸਿੱਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿੱਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5'11" ਪਤਲੀ ਰੰਗ

ਝਾਰਖੰਡ ਦੇ ਧਨਬਾਦ 'ਚ ਬਹੁਮੰਜ਼ਿਲਾ ਇਮਾਰਤ ਵਿੱਚ ਅੱਗ ਲੱਗਣ ਕਾਰਨ 14 ਮੌਤਾਂ

ਧਨਬਾਦ, 1 ਫਰਵਰੀ (ਪੋਸਟ ਬਿਊਰੋ)- ਝਾਰਖੰਡ ਦੇ ਧਨਬਾਦ ਸ਼ਹਿਰ ਦੇ ਜੋਦਾ ਫਾਟਕ ਇਲਾਕੇ 'ਚ ਬੁੱਧਵਾਰ ਸ਼ਾਮ ਨੂੰ ਇਕ ਬਹੁਮੰਜ਼ਿਲਾ ਇਮਾਰਤ 'ਚ ਅੱਗ ਲੱਗਣ ਕਾਰਨ 14 ਲੋਕਾਂ ਦੀ ਮੌਤ ਹੋ ਗਈ। ਜਾਣਕਾਰੀ ਮੁਤਾਬਕ ਇਹ ਘਟਨਾ ਵਿਆਹ ਸਮਾਗਮ ਦੌਰਾਨ ਗੈਸ ਸਿਲੰਡਰ ਫਟਣ ਕਾਰਨ ਵਾਪਰੀ ਹੈ। ਦੱਸ ਦਈਏ ਕਿ ਪਿਛਲੇ ਇਕ ਹਫਤੇ 'ਚ ਧਨਬਾਦ 'ਚ ਅੱਗ ਲੱਗਣ ਦੀ ਇਹ ਦੂਜੀ ਘਟਨਾ ਹੈ। ਸ਼ਹਿਰ ਦੇ ਸਭ ਤੋਂ ਵਿਅਸਤ ਇਲਾਕਾ ਬੈਂਕ ਮੋਡ ਥਾਣਾ ਖੇਤਰ 'ਚ ਸ਼ਕਤੀ ਮੰਦਰ ਦੇ ਕੋਲ ਸਥਿਤ 13 ਮੰਜ਼ਿਲਾ ਆਸ਼ੀਰਵਾਦ ਟਾਵਰ ਅਪਾਰਟਮੈਂਟ ਦੀ ਦੂਜੀ ਮੰਜ਼ਿਲ 'ਚ ਅੱਗ ਲੱਗ ਗਈ, ਜਿਸ ਨੇ ਕੁਝ ਹੀ ਸਮੇਂ 'ਚ ਭਿਆਨਕ ਰੂਪ ਧਾਰਨ ਕਰ ਲਿਆ। ਸੂਚਨਾ ਮਿਲਦੇ ਹੀ ਫਾਇਰ ਬ੍ਰਿਗੇਡ ਦੀਆਂ ਗੱਡੀਆਂ ਮੌਕੇ 'ਤੇ ਪਹੁੰਚ ਗਈਆਂ।

ਕੁਲੈਕਟਰ ਸੰਦੀਪ ਕੁਮਾਰ ਨੇ ਦੱਸਿਆ ਕਿ 8 ਤੋਂ 10 ਲੋਕਾਂ ਨੂੰ ਬਾਹਰ ਕੱਢਿਆ ਗਿਆ, ਜਿਨ੍ਹਾਂ ਦੀ ਹਾਲਤ ਗੰਭੀਰ ਬਣੀ ਹੋਈ ਹੈ, ਇਸ ਘਟਨਾ ਵਿਚ 14 ਮੌਤਾਂ ਹੋਈਆਂ ਹਨ। ਉਨ੍ਹਾਂ ਦੱਸਿਆ ਕਿ ਅੱਗ ਦੇ ਹੋਰ ਵਧਣ ਦਾ ਕੋਈ ਖਤਰਾ ਨਹੀਂ ਹੈ, ਇਸ 'ਤੇ ਕਾਬੂ ਪਾ ਲਿਆ ਗਿਆ ਹੈ। ਇਕ ਹੋਰ ਸਵਾਲ

'ਤੇ ਉਨ੍ਹਾਂ ਕਿਹਾ ਕਿ ਅੱਗ ਲੱਗਣ ਦੇ ਕਾਰਨਾਂ ਬਾਰੇ ਕੁਝ ਕਹਿਣਾ ਮੁਸ਼ਕਿਲ ਹੈ। ਦੱਸਿਆ ਜਾ ਰਿਹਾ ਹੈ ਕਿ ਪੂਜਾ ਕੀਤੀ ਜਾ ਰਹੀ ਸੀ ਪਰ ਅੱਗ ਲੱਗਣ ਦੇ ਕਾਰਨ ਬਾਰੇ ਪੱਕੇ ਤੌਰ 'ਤੇ ਕੁਝ ਨਹੀਂ ਕਿਹਾ ਜਾ ਸਕਦਾ।

ਜ਼ਿਕਰਯੋਗ ਹੈ ਕਿ ਪਿਛਲੇ ਹਫਤੇ ਸ਼ੁੱਕਰਵਾਰ ਨੂੰ ਵੀ ਧਨਬਾਦ ਦੇ ਇਕ ਨਿੱਜੀ ਨਰਸਿੰਗ ਹੋਮ 'ਚ ਅੱਗ ਲੱਗਣ ਕਾਰਨ ਦੋ ਡਾਕਟਰਾਂ ਸਮੇਤ ਘੱਟੋ-ਘੱਟ ਪੰਜ ਲੋਕਾਂ ਦੀ ਮੌਤ ਹੋ ਗਈ ਸੀ। ਮ੍ਰਿਤਕਾਂ ਵਿੱਚ ਮੈਡੀਕਲ ਅਦਾਰੇ ਦੇ ਮਾਲਕ ਡਾਕਟਰ ਵਿਕਾਸ ਹਾਜ਼ਰਾ, ਉਸਦੀ ਪਤਨੀ ਡਾ. ਪ੍ਰੇਮਾ ਹਾਜ਼ਰਾ, ਮਾਲਕ ਦਾ ਭਤੀਜਾ ਸੋਹਣ ਖਮਾਰੀ ਅਤੇ ਘਰੇਲੂ ਨੌਕਰ ਤਾਰਾ ਦੇਵੀ ਸ਼ਾਮਲ ਹਨ। ਜਾਣਕਾਰੀ ਮੁਤਾਬਕ ਸ਼ਹਿਰ ਦੇ ਬੈਂਕ ਮੋਡ ਇਲਾਕੇ 'ਚ ਸਥਿਤ ਨਰਸਿੰਗ ਹੋਮ ਦੇ ਸਟੋਰ ਰੂਮ 'ਚ ਤੜਕੇ 2 ਵਜੇ ਦੇ ਕਰੀਬ ਅੱਗ ਲੱਗ ਗਈ। ਸਟੋਰ ਰੂਮ 'ਚ ਅੱਗ ਲੱਗਣ ਕਾਰਨ ਨਰਸਿੰਗ ਹੋਮ ਦੇ ਮਾਲਕ ਅਤੇ ਉਸ ਦੀ ਪਤਨੀ ਸਮੇਤ ਪੰਜ ਲੋਕਾਂ ਦੀ ਦਮ ਘੁੱਟਣ ਨਾਲ ਮੌਤ ਹੋ ਗਈ ਸੀ।

ਜੰਮੂ-ਕਸ਼ਮੀਰ ਦੇ ਰਾਜੌਰੀ 'ਚ ਲਸ਼ਕਰ ਮਾਡਿਊਲ ਦਾ ਪਰਦਾਫਾਸ਼, ਨੇਤਾ ਸਮੇਤ 3 ਗ੍ਰਿਫਤਾਰ

ਰਾਜੌਰੀ, 1 ਫਰਵਰੀ (ਪੋਸਟ ਬਿਊਰੋ)- ਜੰਮੂ-ਕਸ਼ਮੀਰ ਪੁਲਸ ਨੇ ਬੁੱਧਵਾਰ ਨੂੰ ਅੱਤਵਾਦੀ ਸੰਗਠਨ ਲਸ਼ਕਰ-ਏ-ਤੋਇਬਾ ਦੇ ਇਕ ਮਾਡਿਊਲ ਦਾ ਪਰਦਾਫਾਸ਼ ਕਰਨ ਦਾ ਦਾਅਵਾ ਕੀਤਾ ਹੈ। ਪੁਲੀਸ ਮੁਤਾਬਕ ਇਸ ਜਥੇਬੰਦੀ ਦੇ ਆਗੂ ਸਮੇਤ ਤਿੰਨ ਲੋਕਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ। ਪੁਲਸ ਮੁਤਾਬਕ ਗ੍ਰਿਫਤਾਰ ਕੀਤੇ ਗਏ ਲੋਕਾਂ ਨੂੰ ਭੀੜ-ਭੜੱਕੇ ਵਾਲੀਆਂ ਥਾਵਾਂ 'ਤੇ ਧਮਾਕੇ ਕਰਨ ਅਤੇ ਸੁਰੱਖਿਆ ਬਲਾਂ ਦੇ ਵਾਹਨਾਂ ਨੂੰ ਨਿਸ਼ਾਨਾ ਬਣਾਉਣ ਦਾ ਕੰਮ ਸੌਂਪਿਆ ਗਿਆ ਸੀ।

ਰਾਜੌਰੀ ਦੇ ਡਿਪਟੀ ਇੰਸਪੈਕਟਰ ਜਨਰਲ ਆਫ ਪੁਲਿਸ, ਹਸੀਬ ਮੁਗਲ ਨੇ ਕਿਹਾ ਕਿ ਜ਼ਿਲ੍ਹੇ ਵਿੱਚ ਇੱਕ ਟਾਈਮਰ ਦੇ ਨਾਲ ਇੱਕ ਆਧੁਨਿਕ ਇੰਪ੍ਰੋਵਾਈਜ਼ਡ ਐਕਸਪਲੋਸਿਵ ਡਿਵਾਈਸ (ਆਈਈਡੀ) ਦੀ ਬਰਾਮਦਗੀ ਤੋਂ ਬਾਅਦ ਜਾਂਚ ਸ਼ੁਰੂ ਕੀਤੀ ਗਈ ਸੀ। ਜਿਸ ਤੋਂ ਬਾਅਦ ਇਸ ਮਾਡਿਊਲ ਦਾ ਪਰਦਾਫਾਸ਼ ਕੀਤਾ ਗਿਆ। ਮੁਗਲ ਨੇ ਰਾਜੌਰੀ ਵਿੱਚ ਪੱਤਰਕਾਰਾਂ ਨੂੰ ਕਿਹਾ, "ਭੀੜ-ਭੜੱਕੇ ਵਾਲੇ ਜਨਤਕ ਸਥਾਨਾਂ ਵਿਚ ਵਿਸਫੋਟ ਕਰਨ ਅਤੇ ਸੁਰੱਖਿਆ ਬਲਾਂ ਦੇ ਵਾਹਨਾਂ ਅਤੇ ਕੈਂਪਾਂ ਨੂੰ ਨਿਸ਼ਾਨਾ ਬਣਾਉਣ ਲਈ ਸਰਹੱਦ ਪਾਰ ਤੋਂ ਆਈਈਡੀ ਦੀ ਤਸਕਰੀ ਕੀਤੀ ਜਾਂਦੀ ਸੀ। ਲਸ਼ਕਰ ਦੇ ਆਗੂ ਸਮੇਤ ਤਿੰਨ ਲੋਕਾਂ ਦੀ ਗ੍ਰਿਫ਼ਤਾਰੀ ਨੇ ਅੱਤਵਾਦੀ ਸੰਚਾਲਕਾਂ ਦੇ ਨਾਪਾਕ ਮਨਸੂਬਿਆਂ ਨੂੰ ਕਾਮਯਾਬ ਹੋਣ ਤੋਂ ਰੋਕ ਦਿੱਤਾ ਹੈ।

ਭਾਰਤੀ ਮੂਲ ਦੀ ਨਿੱਕੀ ਹੈਲੇ ਅਮਰੀਕੀ ਰਾਸ਼ਟਰਪਤੀ ਅਹੁਦੇ ਦੀ ਉਮੀਦਵਾਰੀ ਦਾ ਕਰ ਸਕਦੇ ਹਨ ਐਲਾਨ

ਵਾਸ਼ਿੰਗਟਨ, 1 ਫਰਵਰੀ (ਪੋਸਟ ਬਿਊਰੋ)- ਭਾਰਤੀ-ਅਮਰੀਕੀ ਅਤੇ ਰਿਪਬਲਿਕਨ ਪਾਰਟੀ ਦੀ ਨੇਤਾ ਨਿੱਕੀ ਹੈਲੇ 15 ਫਰਵਰੀ ਨੂੰ 2024 ਵਿੱਚ ਅਮਰੀਕੀ ਰਾਸ਼ਟਰਪਤੀ ਦੇ ਅਹੁਦੇ ਲਈ ਚੋਣ ਲੜਨ ਦੀ ਆਪਣੀ ਯੋਜਨਾ ਦਾ ਰਸਮੀ ਐਲਾਨ ਕਰ ਸਕਦੇ ਹਨ। ਜੇਕਰ ਅਜਿਹਾ ਹੁੰਦਾ ਹੈ ਤਾਂ ਉਹ ਸਾਬਕਾ ਅਮਰੀਕੀ ਰਾਸ਼ਟਰਪਤੀ ਡੋਨ-ਾਲਡ ਟਰੰਪ ਨੂੰ ਚੁਣੌਤੀ ਦੇਣ ਵਾਲੀ ਪਾਰਟੀ ਦੀ ਪਹਿਲੀ ਨੇਤਾ ਹੋਵੇਗੀ। ਹੇਲੀ (51) ਦੋ ਵਾਰ ਦੱਖਣੀ ਕੈਰੋਲੀਨਾ ਦੀ ਗਵਰਨਰ ਰਹਿ ਚੁੱਕੀ ਹੈ ਅਤੇ ਸੰਯੁਕਤ ਰਾਸ਼ਟਰ ਵਿੱਚ ਅਮਰੀਕਾ ਦੀ ਰਾਜਦੂਤ ਵੀ ਰਹਿ ਚੁੱਕੀ ਹੈ।

ਜੇਕਰ ਉਹ ਇਸ ਅਹੁਦੇ ਲਈ ਦਾਅਵਾ ਕਰਦੇ ਹਨ, ਤਾਂ ਹੇਲੀ ਆਪਣੇ ਸਾਬਕਾ ਬੌਸ (ਟਰੰਪ) ਨਾਲ ਮੁਕਾਬਲਾ ਕਰਨ ਵਾਲੀ ਪਹਿਲੀ ਦਾਅਵੇਦਾਰ

ਹੋਵੇਗੀ। ਟਰੰਪ ਵਰਤਮਾਨ ਵਿੱਚ 2024 ਵਿੱਚ ਆਪਣੀ ਪਾਰਟੀ ਦੇ ਰਾਸ਼ਟਰਪਤੀ ਅਹੁਦੇ ਲਈ ਨਾਮਜ਼ਦਗੀ ਲਈ ਇੱਕਲੇ ਰਿਪਬਲਿਕਨ ਹਨ। ਟਰੰਪ (76) ਨੇ ਪਿਛਲੇ ਸਾਲ ਵ੍ਹਾਈਟ ਹਾਊਸ ਲਈ ਆਪਣਾ ਦਾਅਵਾ ਪੇਸ਼ ਕੀਤਾ ਸੀ।

ਵਾਸ਼ਿੰਗਟਨ ਪੋਸਟ ਦੇ ਅਨੁਸਾਰ, ਹੇਲੀ ਇਸ ਹਫਤੇ ਦੇ ਨਾਲ ਹੀ ਆਪਣੀਆਂ ਯੋਜਨਾਵਾਂ ਨੂੰ ਦਰਸਾਉਂਦੀ ਇੱਕ ਵੀਡੀਉ ਜਾਰੀ ਕਰ ਸਕਦੀ ਹੈ। ਰਿਪੋਰਟ ਮੁਤਾਬਿਕ ਸਾਬਕਾ ਗਵਰਨਰ ਦੇ ਸਮਰਥਕਾਂ ਨੂੰ ਜਲਦੀ ਹੀ ਇੱਕ ਸੱਦਾ ਪੱਤਰ ਮਿਲ ਸਕਦਾ ਹੈ ਜਿਸ ਵਿੱਚ 15 ਫਰਵਰੀ ਨੂੰ ਹੋਣ ਵਾਲੇ ਹੇਲੀ ਦੇ "ਵਿਸ਼ੇਸ਼ ਘੋਸ਼ਣਾ" ਦਾ ਜ਼ਿਕਰ ਕੀਤਾ ਗਿਆ ਹੈ। ਇਹ ਸਮਾਗਮ ਚਾਰਲਸਟਨ ਵਿਜ਼ਟਰ ਸੈਂਟਰ ਦੇ 'ਦਿ ਸ਼ੈੱਡ' ਵਿਖੇ ਹੋਵੇਗਾ, ਜਿੱਥੇ ਉਨ੍ਹਾਂ ਦੇ ਸੈਂਕੜੇ ਸਮਰਥਕਾਂ ਦੇ ਇਕੱਠੇ ਹੋਣ ਦੀ ਉਮੀਦ ਹੈ।

ਹੇਲੀ ਵਲੋਂ ਪਿਛਲੇ ਸਮੇਂ ਵਿੱਚ ਇਹ ਕਿਹਾ ਗਿਆ ਸੀ ਕਿ ਜੇਕਰ ਉਹ (ਟਰੰਪ) ਮੁੜ ਚੋਣ ਲੜਨ ਤਾਂ ਉਹ ਉਨ੍ਹਾਂ ਨੂੰ ਚੁਣੌਤੀ ਨਹੀਂ ਦੇਣਾ ਚਾਹੇਗੀ, ਪਰ ਹਾਲ ਹੀ ਦੇ ਸਮੇਂ ਵਿੱਚ ਉਸ ਦੇ ਸਟੈਂਡ ਵਿੱਚ ਬਦਲਾਅ ਆਇਆ ਹੈ। ਉਨ੍ਹਾਂ ਨੇ ਹਾਲ ਹੀ ਵਿੱਚ ਟਵੀਟ ਕੀਤਾ, "ਇਹ ਨਵੀਂ ਪੀੜ੍ਹੀ ਲਈ ਸਮਾਂ ਹੈ।"

ਮੋਦੀ ਸਰਕਾਰ ਨੇ ਪੰਜਾਬ ਵਿਰੋਧੀ, ਲੋਕ ਵਿਰੋਧੀ, ਕਿਸਾਨ ਵਿਰੋਧੀ ਅਤੇ ਦਿਸ਼ਾਹੀਣ ਕੇਂਦਰੀ ਬਜਟ ਪੇਸ਼ ਕੀਤਾ : ਮੁੱਖ ਮੰਤਰੀ

*** ਕੇਂਦਰ ਸਰਕਾਰ ਨੇ ਸੂਬੇ ਨੂੰ ਪੂਰੀ ਤਰ੍ਹਾਂ ਅਣਗੌਲਿਆ ਕਰਕੇ ਦੇਸ਼ ਪ੍ਰਤੀ ਪੰਜਾਬੀਆਂ ਦੀਆਂ ਅਣਗਿਣਤ ਕੁਰਬਾਨੀਆਂ ਦਾ ਘੋਰ ਨਿਰਾਦਰ ਕੀਤਾ * ਭਾਜਪਾ ਦਾ ਪੰਜਾਬ ਨਾਲ ਮਤਰੇਈ ਮਾਂ ਵਾਲਾ ਸਲੂਕ ਸਮਝੋ ਬਾਹਰ ਦੀ ਗੱਲ**

ਚੰਡੀਗੜ੍ਹ, 1 ਫ਼ਰਵਰੀ (ਗਿਆਨ ਸਿੰਘੋ): ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਅੱਜ ਪੰਜਾਬ ਵਿਰੋਧੀ, ਲੋਕ ਵਿਰੋਧੀ, ਕਿਸਾਨ ਵਿਰੋਧੀ ਅਤੇ ਦਿਸ਼ਾਹੀਣ ਕੇਂਦਰੀ ਬਜਟ ਪੇਸ਼ ਕਰਨ ਲਈ ਕੇਂਦਰ ਸਰਕਾਰ ਦੀ ਸਖ਼ਤ ਆਲੋਚਨਾ ਕੀਤੀ।

ਮੁੱਖ ਮੰਤਰੀ ਨੇ ਇਕ ਬਿਆਨ ਵਿੱਚ ਕਿਹਾ, "ਇਹ ਕਿੰਨੀ ਸ਼ਰਮਨਾਕ ਗੱਲ ਹੈ ਕਿ ਕੇਂਦਰ ਸਰਕਾਰ ਨੇ ਆਪਣੀ ਸੋੜੀ ਮਾਨਸਿਕਤਾ ਦੇ ਚੱਲਦਿਆਂ ਸੂਬੇ ਨੂੰ ਪੂਰੀ ਤਰ੍ਹਾਂ ਅਣਗੌਲਿਆ ਕਰ ਦਿੱਤਾ ਜਿਸ ਨਾਲ ਬਹਾਦਰ ਅਤੇ ਮਿਹਨਤਕਸ਼ ਪੰਜਾਬੀਆਂ ਵੱਲੋਂ ਆਜ਼ਾਦੀ ਤੋਂ ਪਹਿਲਾਂ ਅਤੇ ਬਾਅਦ ਵਿੱਚ ਦਿੱਤੀਆਂ ਅਣਗਿਣਤ ਕੁਰਬਾਨੀਆਂ ਦੀ ਤੌਹੀਨ ਕੀਤੀ ਗਈ।"

ਮੁੱਖ ਮੰਤਰੀ ਨੇ ਕਿਹਾ ਕਿ ਉਨ੍ਹਾਂ ਨੂੰ ਇਹ ਜਾਣ ਕੇ ਦੁੱਖ ਹੋਇਆ ਹੈ ਕਿ ਪੰਜਾਬ ਦੀਆਂ ਸਾਰੀਆਂ ਵਾਜਬ ਮੰਗਾਂ ਨੂੰ ਪੂਰੀ ਤਰ੍ਹਾਂ ਵਿਸਾਰ ਦਿੱਤਾ ਗਿਆ ਅਤੇ ਕੇਂਦਰੀ ਬਜਟ ਵਿੱਚ ਸੂਬੇ ਨੂੰ ਕਿਤੇ ਵੀ ਸ਼ਾਮਲ ਨਹੀਂ ਕੀਤਾ ਗਿਆ। ਉਨ੍ਹਾਂ ਕਿਹਾ ਕਿ ਗਣਤੰਤਰ ਦਿਵਸ ਮੌਕੇ ਹੋਣ ਵਾਲੇ ਸਮਾਗਮ ਵਿੱਚ ਸੂਬੇ ਦੀ ਝਾਕੀ ਨੂੰ ਪਰੇਡ ਤੋਂ ਬਾਹਰ ਰੱਖਣ ਤੋਂ ਬਾਅਦ ਇਹ ਭਾਜਪਾ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਵੱਲੋਂ ਪੰਜਾਬ ਦੇ ਯੋਗਦਾਨ ਨੂੰ ਜਾਣਬੁੱਝ ਕੇ ਅੱਖੋਂ ਪਰੋਖੇ ਕਰਨ ਲਈ ਕੀਤੀ ਗਈ ਦੂਜੀ ਕੋਸ਼ਿਸ਼ ਹੈ। ਭਗਵੰਤ ਮਾਨ ਨੇ ਕਿਹਾ ਕਿ ਉਨ੍ਹਾਂ ਨੂੰ ਇਹ ਸਮਝ ਨਹੀਂ ਆ ਰਹੀ ਕਿ ਭਾਜਪਾ ਪੰਜਾਬ ਨਾਲ ਅਜਿਹਾ ਮਤਰੇਈ ਮਾਂ ਵਾਲਾ ਸਲੂਕ ਕਿਉਂ ਕਰ ਰਹੀ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਸਰਹੱਦੀ ਸੂਬਾ ਹੋਣ ਕਰਕੇ ਉਨ੍ਹਾਂ ਨੇ ਬੀ ਐੱਸ ਐੱਫ ਅਤੇ ਪੰਜਾਬ ਪੁਲਿਸ ਦੇ ਆਧੁਨਿਕੀਕਰਨ ਲਈ ਕੇਂਦਰ ਪਾਸੋਂ 1000 ਕਰੋੜ ਰੁਪਏ ਦੀ ਮੰਗ ਕੀਤੀ ਸੀ। ਉਨ੍ਹਾਂ ਕਿਹਾ ਕਿ ਇਹ ਫੰਡ ਸਰਹੱਦ ਪਾਰੋਂ ਖਾਸ ਕਰਕੇ ਹਾਈਟੈਕ ਡਰੋਨਾਂ ਰਾਹੀਂ ਨਸ਼ਿਆਂ ਅਤੇ ਹਥਿਆਰਾਂ ਦੀ ਤਸਕਰੀ ਨੂੰ ਰੋਕਣ ਲਈ ਜ਼ਰੂਰੀ ਹਨ। ਭਗਵੰਤ ਮਾਨ ਨੇ ਕਿਹਾ ਕਿ ਕੇਂਦਰ ਸਰਕਾਰ ਨੇ ਇਸ ਮੰਗ ਨੂੰ ਠੰਡੇ ਬਸਤੇ ਵਿੱਚ ਪਾ ਕੇ ਇਸ ਲਈ ਬਜਟ ਅਲਾਟ ਨਹੀਂ ਕੀਤਾ ਜਿਸ ਨਾਲ ਸਰਹੱਦੀ ਸੂਬੇ ਦੀ ਸੁਰੱਖਿਆ ਨੂੰ ਪੂਰੀ ਤਰ੍ਹਾਂ ਖ਼ਤਰੇ ਵਿੱਚ ਪਾਇਆ ਜਾ ਰਿਹਾ ਹੈ।

ਇਸੇ ਤਰ੍ਹਾਂ ਮੁੱਖ ਮੰਤਰੀ ਨੇ ਕਿਹਾ ਕਿ ਉਨ੍ਹਾਂ ਨੇ ਪ੍ਰੀ-ਬਜਟ ਮੀਟਿੰਗਾਂ

ਦੌਰਾਨ ਲੋਕਾਂ ਦੀ ਸਹੂਲਤ ਲਈ ਅੰਮ੍ਰਿਤਸਰ ਅਤੇ ਬਠਿੰਡਾ ਤੋਂ ਦਿੱਲੀ ਤੱਕ ਵੰਦੇ ਮਾਤਰਮ ਰੇਲ ਗੱਡੀਆਂ ਸੁਰੂ ਕਰਨ ਦੀ ਲੋੜ ਬਾਰੇ ਵੀ ਗੱਲ ਕੀਤੀ ਸੀ। ਉਨ੍ਹਾਂ ਕਿਹਾ ਕਿ ਸਿੱਖਾਂ ਦੇ ਪੰਜਾਂ ਤਖ਼ਤਾਂ ਨੂੰ ਰੇਲ ਮਾਰਗ ਰਾਹੀਂ ਜੋੜਨ ਦੇ ਵਿਚਾਰ ਦੇ ਨਾਲ-ਨਾਲ ਇਸ ਮੰਗ ਨੂੰ ਵੀ ਪੂਰੀ ਤਰ੍ਹਾਂ ਨਜ਼ਰਅੰਦਾਜ਼ ਕਰ ਦਿੱਤਾ ਗਿਆ। ਭਗਵੰਤ ਮਾਨ ਨੇ ਕਿਹਾ ਕਿ ਇਸ ਧਾਰਮਿਕ ਸਰਕਟ ਨਾਲ ਸੂਬੇ ਵਿੱਚ ਸੈਰ ਸਪਾਟੇ ਨੂੰ ਹੁਲਾਰਾ ਮਿਲੇਗਾ ਅਤੇ ਯਾਤਰੀਆਂ ਦੀ ਸਹੂਲਤ ਹੋਵੇਗੀ। ਮੁੱਖ ਮੰਤਰੀ ਨੇ ਇਸ ਗੱਲ 'ਤੇ ਵੀ ਅਫਸੋਸ ਜਤਾਇਆ ਕਿ ਬਜਟ ਨੇ ਮੋਦੀ ਸਰਕਾਰ ਦੇ ਕਿਸਾਨ ਵਿਰੋਧੀ ਚਿਹਰੇ ਨੂੰ ਨੰਗਾ ਕਰ ਦਿੱਤਾ। ਉਨ੍ਹਾਂ ਕਿਹਾ ਕਿ ਇਹ ਮੌਜੂਦਾ ਮੋਦੀ ਸਰਕਾਰ ਦਾ ਆਖਰੀ ਬਜਟ ਹੈ ਪਰ ਦਾਅਵਿਆਂ ਦੇ ਬਾਵਜੂਦ ਕਿਸਾਨਾਂ ਦੀ ਆਮਦਨ ਦੁੱਗਣੀ ਕਰਨ ਲਈ ਕੁਝ ਨਹੀਂ ਕੀਤਾ ਗਿਆ। ਭਗਵੰਤ ਮਾਨ ਨੇ ਕਿਹਾ ਕਿ ਸਰਕਾਰ ਕਿਸਾਨਾਂ ਨੂੰ ਫਸਲਾਂ 'ਤੇ ਘੱਟੋ-ਘੱਟ ਸਮਰਥਨ ਮੁੱਲ ਦੇਣ ਤੋਂ ਵੀ ਭੱਜ ਰਹੀ ਹੈ ਜੋ ਕਿ ਬਹੁਤ ਮੰਦਭਾਗੀ ਗੱਲ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਉਹ ਝੋਨੇ ਦੀ ਪਰਾਲੀ ਦੀ ਸਮੱਸਿਆ ਦੇ ਹੱਲ ਲਈ ਕੇਂਦਰ ਵੱਲੋਂ ਕਿਸਾਨਾਂ ਨੂੰ ਪ੍ਰਤੀ ਏਕੜ 1500 ਰੁਪਏ ਦੀ ਵਿੱਤੀ ਸਹਾਇਤਾ ਦੇ ਨਾਲ-ਨਾਲ ਸੂਬੇ ਵੱਲੋਂ ਬਰਾਬਰ ਗਰਾਂਟ ਦੇਣ ਦੀ ਪੈਰਵੀ ਕਰ ਰਹੇ ਹਨ ਹਾਲਾਂਕਿ ਕੇਂਦਰ ਸਰਕਾਰ ਵੱਲੋਂ ਇਸ ਸਬੰਧੀ ਕੁਝ ਨਹੀਂ ਕੀਤਾ ਗਿਆ। ਭਗਵੰਤ ਮਾਨ ਨੇ ਕਿਹਾ ਕਿ ਭਾਵੇਂ ਕੇਂਦਰੀ ਵਿੱਤ ਮੰਤਰੀ ਨੇ ਨਵੇਂ ਨਰਸਿੰਗ ਕਾਲਜ ਖੋਲ੍ਹੇ ਜਾਣ ਦਾ ਅਸਪਸ਼ਟ ਜਿਹਾ ਐਲਾਨ ਕੀਤਾ ਹੈ ਪਰ ਇਸ ਲਈ ਵੀ ਕੋਈ ਸਮਾਂ ਸੀਮਾ ਤੈਅ ਨਹੀਂ ਕੀਤੀ ਗਈ।

ਮੁੱਖ ਮੰਤਰੀ ਨੇ ਕਿਹਾ ਕਿ ਭਾਵੇਂ ਅਨੁਸੂਚਿਤ ਜਨਜਾਤੀਆਂ ਨੂੰ ਬਜਟ ਵਿੱਚ ਵੱਖ-ਵੱਖ ਸਹੂਲਤਾਂ ਦੀ ਪੇਸ਼ਕਸ਼ ਕੀਤੀ ਗਈ ਪਰ ਅਨੁਸੂਚਿਤ ਜਾਤੀਆਂ ਅਤੇ ਪੱਛੜੀਆਂ ਸ੍ਰੇਣੀਆਂ ਦੇ ਭਾਈਚਾਰਿਆਂ ਨੂੰ ਪੂਰੀ ਤਰ੍ਹਾਂ ਨਜ਼ਰਅੰਦਾਜ਼ ਕੀਤਾ ਗਿਆ। ਉਨ੍ਹਾਂ ਕਿਹਾ ਕਿ ਸਕਰਿਪਟ ਅਧਾਰਿਤ ਬਜਟ ਪੂਰੀ ਤਰ੍ਹਾਂ ਦਿਸ਼ਾਹੀਣ ਅਤੇ ਪਿਛਾਂਹਖਿੱਚੂ ਹੈ। ਭਗਵੰਤ ਮਾਨ ਨੇ ਕਿਹਾ ਕਿ ਬਜਟ ਵਿੱਚ ਆਮ ਆਦਮੀ ਲਈ ਦੂਰਅੰਦੇਸ਼ੀ ਦੀ ਘਾਟ ਝਲਕਦੀ ਹੈ ਜੋ ਕਿ ਬਹੁਤ ਹੀ ਮੰਦਭਾਗੀ ਗੱਲ ਹੈ।

ਮੁੱਖ ਮੰਤਰੀ ਨੇ ਕੇਂਦਰ ਸਰਕਾਰ ਨੂੰ ਮੁੱਖ ਮੁੱਦਿਆਂ 'ਤੇ ਸੂਬੇ ਨੂੰ ਨਜ਼ਰਅੰਦਾਜ਼ ਕਰਕੇ ਅੱਗ ਨਾਲ ਖੇਡਣ ਤੋਂ ਰੋਕਣ ਲਈ ਸੁਚੇਤ ਕੀਤਾ। ਉਨ੍ਹਾਂ ਕਿਹਾ ਕਿ ਪੰਜਾਬ ਤੋਂ ਬਿਨਾਂ ਭਾਰਤ ਦੀ ਕਲਪਨਾ ਵੀ ਨਹੀਂ ਕੀਤੀ ਜਾ ਸਕਦੀ ਅਤੇ ਭਾਜਪਾ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਵੱਲੋਂ ਪੰਜਾਬ ਅਤੇ ਪੰਜਾਬੀਆਂ ਦੇ ਯੋਗਦਾਨ ਨੂੰ ਅੱਖੋਂ ਪਰੋਖੇ ਕਰਨ ਦੀ ਕੋਸ਼ਿਸ਼ ਨੂੰ ਹਰਗਿਜ਼ ਬਰਦਾ-ਸ਼ਤ ਨਹੀਂ ਕੀਤਾ ਜਾਵੇਗਾ। ਭਗਵੰਤ ਮਾਨ ਨੇ ਕਿਹਾ ਕਿ ਪੰਜਾਬ, ਦੇਸ਼ ਦੀ ਖੜਗਭੁਜਾ ਅਤੇ ਅੰਨਦਾਤਾ ਹੈ ਅਤੇ ਮੁਲਕ ਪ੍ਰਤੀ ਇਸ ਦੇ ਯੋਗਦਾਨ ਨੂੰ ਕਦੇ ਵੀ ਘਟਾਇਆ ਨਹੀਂ ਜਾ ਸਕਦਾ।

ਬਜਟ ਕਿਸਾਨਾਂ, ਗਰੀਬਾਂ ਤੇ ਨੌਜਵਾਨਾਂ ਲਈ ਨਿਰਾਸ਼ਾਜਨਕ : ਸੁਖਬੀਰ ਸਿੰਘ ਬਾਦਲ

ਚੰਡੀਗੜ੍ਹ, 1 ਫਰਵਰੀ (ਪੋਸਟ ਬਿਊਰੋ): ਕੇਂਦਰੀ ਬਜਟ 2023 ਕਿਸਾਨਾਂ, ਗਰੀਬਾਂ ਅਤੇ ਨੌਜਵਾਨਾਂ ਲਈ ਨਿਰਾਸ਼ਾਜਨਕ ਹੈ ਅਤੇ ਇਸ ਵਿਚ ਪੰਜਾਬ ਵਿਚ ਖੇਤੀਬਾੜੀ ਤੇ ਸਨੱਅਤੀ ਖੇਤਰ ਨੂੰ ਸੁਰਜੀਤ ਕਰਨ ਵਾਸਤੇ ਕੁਝ ਵੀ ਨਹੀਂ ਕੀਤਾ ਗਿਆ। ਇਹ ਪ੍ਰਗਟਾਵਾ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਕੀਤਾ ਹੈ।

ਬਜਟ 'ਤੇ ਪ੍ਰਤੀਕਰਮ ਦਿੰਦਿਆਂ ਬਾਦਲ ਨੇ ਕਿਹਾ ਕਿ ਨਾ ਕਿਸਾਨਾਂ ਦੀ ਆਮਦਨ ਦੁੱਗਣੀ ਹੋਈ ਅਤੇ ਨਾ ਹੀ ਘੱਟੋ-ਘੱਟ ਸਮਰਥਨ ਮੁੱਲ 'ਤੇ ਸਾਰੀਆਂ ਫਸਲਾਂ ਦੀ ਖਰੀਦ ਲਈ ਕੁਝ ਕੀਤਾ ਗਿਆ।

OURR HOME & APPLIANCES

HURRY UP
LIMITED TIME OFFER

DEALS LIKE NEVER BEFORE
OURR PRICES ARE THE BEST

BEST DEALS ON
LUXURY KITCHEN APPLIANCES
WE CARRY ALL MAJOR BRANDS

UNBOXED UNITS & NEW IN BOX UNITS AVAILABLE

100% CUSTOMER SATISFACTION

DELIVERY AVAILABLE *CONDITIONS APPLY

PRICE BEAT GUARANTEE *CONDITIONS APPLY

USE THE PROMO CODE TO GET DISCOUNT → PROMO CODE - (COURR-2302FLYER)

WE ARE AN AUTHORIZED DEALER FOR ALL MAJOR BRANDS!

KitchenAid moffat MAYTAG LG Electrolux JENNAIR GE AMANA BOSCH Whirlpool SAMSUNG FRIGIDAIRE CAPITAL

UNIT #1, 241 CLARENCE ST BRAMPTON, ON L6W 3E7 (416) 551 3343
44 FASKEN DR. #2-9 ETOBICKOKE, ON M9W 5M8 (416) 792-0877
UNIT #6 410 LEWIS RD, STONEY CREEK, ON L8E 5Y7 (905) 643 0818
UNIT #4 -1540 FANSHAWE PARK ROAD WEST LONDON, ON N6H 5L8 (519) 641-1010
5781 HIGHWAY 7 UNIT 10, VAUGHAN, ON L4L 178 (416) 477 5556
1050 SPEERS ROAD, OAKVILLE, ON, L6L 2X4 (416) 613 0555

416-551-5553 WWW.OURRHOMEAPPLIANCES.COM

REXDALE BODY SHOP
USED CAR SALE

Specialization In:
★ All Kinds of Body Work
★ Auto Glass Windshield
★ Denting, Painting & Welding
ਅਸੀਂ ਸਾਰੇ ਇੰਸ਼ੋਰੈਂਸ ਕੰਪਨੀ ਨੂੰ ਕਵਰ ਕਰਦੇ ਹਾਂ

SPECIAL PAINT JOB $779
RENTAL CAR PROVIDED

25 years of Canadian Experience
OPEN MON - SAT 9AM TO 7PM

CHEEMA
LOWEST PRICE IN TOWN
Call Rick or Manminder Cheema: 416.749.9596 / 416.951.6431
Towing Service Car Paint Starts $799*upto 100% Deductible Paid*
30 Racine Rd. Toronto, ON, M9W 2Z3, FAX: 416.749.9597
www.AAABODYSHOP.ca
mcheemaaaa@hotmail.com

Tri-City Professional Realty Inc., Brokerage.
The Future of Real Estate
www.TriCityPro.com

Number 1. Tri-City agent in Canada on basis of sales volume 2021

ਪ੍ਰਾਪਰਟੀ ਖਰੀਦਣ ਜਾਂ ਵੇਚਣ ਲਈ 36 ਸਾਲਾ ਤਜਰਬੇ ਵਾਲੇ

ਅਵਤਾਰ ਸਿੰਘ ਟਿਵਾਣਾ

NEED MORE LISTINGS
- Free Evaluation of your Property
- Special Packages for First Time Buyer
- Arrangement of Low Mortgage rate Lawyer
- Arrangement of Home Inspection

Tel: 905.793.5777

Avtar Singh Tiwana
Sales Representative
416.802.5866

31 Melanie Dr. Unit #4 Brampton, ON L6T 5H8

$1,399,999
CASTLEMORE/GOREWAY
ਬਰੈਂਪਟਨ ਵਿਚ ਬਹੁਤ ਹੀ ਸੰਦਰ ਅਤੇ ਨਾਲ ਸੁਸਰ 3500-5000 ਵਰਗ ਦਾ 4 ਬੈੱਡਰਮ ਅਤੇ 5 ਵਾਸ਼ਰੂਮ ਦਾ ਘਰ, ਫਿਨਿਸ਼ਡ ਬੇਸਮੈਂਟ ਵਿਚ ਕਿਚਨ ਅਤੇ ਸੈਪਰੇਟ ਐਂਟਰੈਂਸ, ਮੇਨ ਫਲੋਰ 'ਤੇ 9 ਫੁੱਟ ਦੀ ਸੀਲਿੰਗ,ਫਰਨਸ ਇੰਸੀਰ, ਡਾਇਨਿੰਗ ਅਤੇ ਫੈਮਿਲੀ ਰੂਮ, ਮੇਨ ਫਲੋਰ ਤੇ ਡੋਰ, ਅਪਗ੍ਰੇਡ ਕਿਚਨ ਅਤੇ ਕਰੇਨਸੀਟ ਕਾਊਂਟਰ ਟਾਪ, 2 ਫਰਿਜ਼, 2 ਸਟੋਵ, 1 ਡਿਸ਼ਵਾਸ਼ਰ, ਕੱਪੜੇ ਧੋਣ ਲਈ ਮੇਨ ਫਲੋਰ 'ਤੇ ਵਾਸ਼ਰ ਅਤੇ ਡਰਾਈਅਰ, 4 ਕਾਰ ਪਾਰਕਿੰਗ ਨਾਲ ਡਬਲ ਗੇਰ ਗਰਾਜ। ਸਾਰੀਆਂ ਸਹੂਲਤਾਂ ਦੇ ਨੇੜੇ

$1,749,900
8337 ਗਲਫ ਲਾਈਨ
401 & ਗਲਫ ਲਾਈਨ ਏਰੀਆ ਵਿਚ 2.61 ਏਕੜ ਲਾਟ ਵਿਚ ਬਣਿਆ ਬਹੁਤ ਹੀ ਸੁੰਦਰ ਘਰ। ਜਿਸ ਵਿਚ 2 ਬੈਡਰੂਮ, 1 ਵਾਸ਼ਰੂਮ ਹੈ। ਆਪਣਾ ਮਨਪਸੰਦ ਦਾ ਕਸਟਮ ਡਰੀਮ ਹਾਊਸ ਬਣਾਉਣ ਲਈ ਪਰਮਿਟ ਅਪਰੂਵਡ। ਹਾਈਵੇ 410 ਅਤੇ ਟਾਊਨ ਆਫ ਮਿਲਟਨ ਦੇ ਨਜਦੀਕ। ਏਅਰਪੋਰਟ ਤੋਂ ਕੁੱਝ ਹੀ ਮਿੰਟਾਂ ਦੀ ਦੂਰੀ ਉਤੇ। ਹੋਰ ਜਿਆਦਾ ਜਾਣਕਾਰੀ ਲਈ ਕਾਲ ਕਰੋ: 416-802-5866

$1,950,000
26 Yellow RomeRd
ਕੈਸਲਮੋਰ/ਗੋਰਵੇ
ਕੈਸਲਮੋਰ/ਗੋਰਵੇ ਦੇ ਏਰੀਆ ਵਿਚ ਬਹੁਤ ਹੀ ਸੁੰਦਰ ਫੁਲੀ ਅਪਗ੍ਰੇਡਡ ਘਰ। 4 ਬੈਡਰੂਮ ਵਿਚ ਇਨਸੂਟ ਅਤੇ ਵਾਕਇਨ ਕਲਾਸਿਟ, ਮਾਡਰਨ ਕਿਚਨ ਗ੍ਰੇਨਾਈਟ ਕਾਊਂਟਰ ਟਾਪ ਦੇ ਨਾਲ। 2 ਬੈਡਰੂਮਜ਼ ਦੀ ਫਿਨਿਸ਼ਡ ਬੇਸਮੈਂਟ ਵਿਚ ਸੈਪਰੇਟ ਐਂਟਰੈਂਸ, 6 ਵਾਸ਼ਰੂਮ, 2 ਫਰਿਜ, 2 ਸਟੋਵ, ਦੂਸਰੀ ਮੰਜਲ ਉਤੇ ਲਾਊਂਡਰੀ ਅਤੇ ਹੋਰ ਬਹੁਤ ਸਾਰੀਆਂ ਸਹੂਲਤਾਂ ਦੇ ਨਾਲ

ORDER ONLINE TODAY !!!
WWW.ASIANFOODCENTRE.COM
FREE PICK UP!!!
HOME DELIVERY ALSO AVAILABLE !!!

VEGETARIAN FOOD
HEALTHY EATING

FRESH & LARGE VARIETY
Bread, Dairy & Eggs
Branded Foods
Fruits & Vegetables
Beverages & Confectionery
Grocery & Staples
Sweet & Samosas

SERVING FROM ALL LOCATIONS IN GTA AREA:

10 Westmore Drive
Etobicoke ON M9V-3Z7
416-740-3262

21 Lacoste Blvd,
Brampton, ON L6P 2K2
905 794-8109

621 Wanless drive, # 122
Brampton ON L7A 0A9
905-495-3336

1075 Ceremonial Drive
Mississauga ON L5R 2Z4
905-502-1600

80 Pertosa Drive
Brampton ON L5X-5E9
905-460-0009

10510 Torbram Road,
Brampton
905-790-0030

2120 North park Drive
Brampton ON L6S 0C9
905-793-1338

10 Pannahill Dr,
Brampton
905 913-8017